ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995824531/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 25 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੧੨ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਕੋਲੰਬੀਆ ਦਾ ਫੌਜੀ ਜਹਾਜ਼ ਪੇਰੂ ਸਰਹੱਦ ਨੇੜੇ ਹਾਦਸਾਗ੍ਰਸਤ, 66 ਫੌਜੀਆਂ ਦੀ ਮੌਤ

**ਪੇਰੂ, 24 ਮਾਰਚ (ਆਵਾਜ਼ਿ ਕੌਮ ਬਿਊਰੋ)**-ਕੋਲੰਬੀਆ ਦੇ ਦੂਰ-ਦੁਰਾਡੇ ਦੱਖਣੀ ਐਮਾਜ਼ਾਨ ਖੇਤਰ ਵਿੱਚ 110 ਸੈਨਿਕਾਂ ਨੂੰ ਲੈ ਕੇ ਜਾ ਰਿਹਾ ਇੱਕ ਫੌਜੀ ਜਹਾਜ਼ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹੀ ਹਾਦਸਾਗ੍ਰਸਤ ਹੋ ਗਿਆ। ਕੋਲੰਬੀਆ ਦੇ ਰੱਖਿਆ ਮੰਤਰਾਲੇ ਦੇ ਅਨੁਸਾਰ, ਇਸ ਹਾਦਸੇ ਵਿੱਚ ਇੱਕ ਲਾਕਹੀਡ ਮਾਰਟਿਨ ਹਰਕੂਲਸ ਸੀ-130 ਜਹਾਜ਼ ਸ਼ਾਮਲ ਸੀ। ਮੰਗਲਵਾਰ ਨੂੰ ਮਿਲੀ ਤਾਜ਼ਾ ਜਾਣਕਾਰੀ ਅਨੁਸਾਰ, ਹਾਦਸੇ ਵਿੱਚ ਮਰਨ ਵਾਲਿਆਂ ਦੀ ਗਿਣਤੀ 66 ਹੋ ਗਈ ਹੈ। ਸੈਨਿਕਾਂ ਨੂੰ ਲੈ ਕੇ ਜਾ ਰਿਹਾ ਜਹਾਜ਼ ਸੋਮਵਾਰ ਨੂੰ ਪੇਰੂ ਦੀ ਸਰਹੱਦ ਦੇ ਨੇੜੇ ਪੋਰਟੋ ਲੇਗੁਇਜ਼ਾਮੋ ਸ਼ਹਿਰ ਦੇ ਨੇੜੇ ਹਾਦਸਾਗ੍ਰਸਤ ਹੋ ਗਿਆ। ਸਥਾਨਕ ਮੀਡੀਆ ਆਉਟਲੈਟ ਬਲੂ ਰੇਡੀਓ ਦੇ ਅਨੁਸਾਰ, ਹਾਦਸੇ ਦੇ ਸਮੇਂ ਜਹਾਜ਼ ਵਿੱਚ 110 ਸੈਨਿਕ ਸਵਾਰ ਸਨ। ਇਹ ਹਾਦਸਾ ਇੱਕ ਸ਼ਹਿਰੀ ਖੇਤਰ ਤੋਂ ਸਿਰਫ 3 ਕਿਲੋਮੀਟਰ ਦੂਰ ਹੋਇਆ। ਰਾਇਟਰਜ਼ ਦੇ ਅਨੁਸਾਰ, ਹਰਕੂਲਸ ਸੀ-130 ਜਹਾਜ਼ ਦੇ ਮਲਬੇ ਵਿੱਚੋਂ 50 ਤੋਂ ਵੱਧ ਲੋਕਾਂ ਨੂੰ ਜ਼ਿੰਦਾ ਬਚਾਇਆ ਗਿਆ। ਸਥਾਨਕ ਮੀਡੀਆ ਦੁਆਰਾ ਸਾਂਝੇ ਕੀਤੇ ਗਏ ਵੀਡੀਓ ਵਿੱਚ ਹਾਦਸੇ ਵਾਲੀ ਥਾਂ ਤੋਂ ਕਾਲੇ ਧੂੰਏਂ ਦਾ ਗੁਬਾਰ ਉੱਠਦਾ ਦਿਖਾਇਆ ਗਿਆ। ਕਾਬਿਲੇਗੌਰ ਹੈ ਕਿ ਹਰਕੂਲਸ ਸੀ-130, ਜਿਸਨੂੰ ਪਹਿਲੀ ਵਾਰ 1950 ਦੇ ਦਹਾਕੇ ਵਿੱਚ ਪੇਸ਼ ਕੀਤਾ ਗਿਆ ਸੀ, 1960 ਦੇ ਦਹਾਕੇ ਦੇ ਅਖੀਰ ਤੋਂ ਕੋਲੰਬੀਆ ਸਮੇਤ ਦੁਨੀਆ ਭਰ ਦੇ ਫੌਜੀ ਆਵਾਜਾਈ ਬੇੜਿਆਂ ਦਾ ਇੱਕ ਮਹੱਤਵਪੂਰਨ ਹਿੱਸਾ ਰਿਹਾ ਹੈ। ਹਾਲਾਂਕਿ ਕੁਝ ਜਹਾਜ਼ਾਂ ਨੂੰ ਸਮੇਂ-ਸਮੇਂ 'ਤੇ ਅਪਗ੍ਰੇਡ ਕੀਤਾ ਗਿਆ ਹੈ, ਪਰ ਪੁਰਾਣੇ ਉਪਕਰਣਾਂ ਬਾਰੇ ਚਿੰਤਾਵਾਂ ਬਰਕਰਾਰ ਹਨ।

## ਡੀ. ਐਮ. ਗਗਨਦੀਪ ਸਿੰਘ ਰੰਧਾਵਾ ਦੇ ਮਾਮਲੇ 'ਚ

# ਸੀਐੱਮ ਭਗਵੰਤ ਮਾਨ ਵੱਲੋਂ ਸੀਬੀਆਈ ਜਾਂਚ ਤੋਂ ਕੋਰੀ ਨਾਂਹ



**ਚੰਡੀਗੜ੍ਹ, 24 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਅੰਮ੍ਰਿਤਸਰ ਵੇਅਰਹਾਊਸ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੀ ਆਤਮਹੱਤਿਆ ਦੇ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪਣ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਇਨਕਾਰ ਕਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਅਸੀਂ ਮਾਮਲੇ ਦੀ ਖੁਦ ਜਾਂਚ ਕਰਾਂਗੇ। ਪੰਜਾਬ ਪੁਲਿਸ ਹਰ ਜਾਂਚ ਦੇ ਕਾਬਿਲ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਮਾਮਲੇ 'ਚ ਮੰਤਰੀ ਦਾ ਅਸਤੀਫਾ ਵੀ ਲੈ ਲਿਆ ਹੈ ਅਤੇ ਗ੍ਰਿਫਤਾਰੀ ਵੀ ਹੋ ਗਈ ਹੈ। ਸੀਐੱਮ ਮਾਨ ਨੇ ਆਪਣੇ ਬਿਆਨ 'ਤੇ ਕਿਹਾ ਕਿ ਪੁਰਾਣੀਆਂ ਸਰਕਾਰਾਂ ਦੇ ਮਾਮਲਿਆਂ 'ਚ ਸੀਬੀਆਈ ਜਾਂਚ ਕਿਉਂ ਨਹੀਂ ਹੋਈ। ਹਰਿਆਣਾ 'ਚ ਏਡੀਜੀਪੀ ਦੀ ਮੌਤ ਦੀ ਜਾਖੜ ਨੇ ਸੀਬੀਆਈ ਜਾਂਚ ਨੇ ਕਿਉਂ ਨਹੀਂ ਮੰਗੀ ਗਈ। ਨਾਲ ਹੀ ਰਾਜਾ ਵੜਿੰਗ ਤੇ ਕੇਂਦਰੀ ਮੰਤਰੀ ਅਮਿਤ ਸ਼ਾਹ 'ਤੇ ਵੀ ਸੀਐੱਮ ਮਾਨ ਭੜਕਦੇ ਹੋਏ ਨਜ਼ਰ ਆਏ। ਉਨ੍ਹਾਂ ਨੇ ਕਿਹਾ ਕਿ ਵੜਿੰਗ ਦਾ ਨਾਂਅ ਲੈ ਕੇ ਪੂਰੇ ਪਰਿਵਾਰ ਨੇ ਖੁਦਕੁਸ਼ੀ ਕੀਤੀ ਸੀ। ਵੜਿੰਗ ਖਿਲਾਫ ਹਾਲੇ ਤੱਕ ਕੋਈ ਕਾਰਵਾਈ ਕਿਉਂ ਨਹੀਂ ਹੋਈ। ਵੜਿੰਗ ਖਿਲਾਫ ਸੀਬੀਆਈ ਜਾਂਚ ਕਿਉਂ ਨਹੀਂ ਹੋਈ।"

## ਡੀ. ਐਮ. ਗਗਨਦੀਪ ਰੰਧਾਵਾ ਦਾ ਹੋਇਆ ਅੰਤਿਮ ਸੰਸਕਾਰ



ਪੰਜਾਬ ਵੇਅਰਹਾਊਸ ਦੇ ਡਿਸਟ੍ਰਿਕਟ ਮੈਨੇਜਰ ਗਗਨਦੀਪ ਸਿੰਘ ਰੰਧਾਵਾ, ਜਿਨ੍ਹਾਂ ਨੇ ਹਾਲ ਹੀ ਵਿੱਚ ਖੁਦਕੁਸ਼ੀ ਕਰ ਲਈ ਸੀ, ਦਾ ਅੱਜ ਅੰਮ੍ਰਿਤਸਰ ਦੇ ਦੁਰਗਿਆਣਾ ਮੰਦਰ ਸਥਿਤ ਸ਼ਮਸ਼ਾਨ ਘਾਟ ਵਿੱਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ । ਰੰਧਾਵਾ ਦੀ ਅੰਤਿਮ ਯਾਤਰਾ ਦੌਰਾਨ ਪਰਿਵਾਰ ਅਤੇ ਦੋਸਤ ਬਹੁਤ ਭਾਵੁਕ ਨਜ਼ਰ ਆਏ। ਅੰਤਿਮ ਰਸਮਾਂ ਵੇਲੇ ਉਨ੍ਹਾਂ ਨੂੰ ਲਾਲ ਪੱਗ ਪਹਿਨਾਈ ਗਈ। ਇਸ ਦੌਰਾਨ ਗਗਨਦੀਪ ਦੀ ਪਤਨੀ ਤੇ ਬੱਚੇ ਭਾਵੁਕ ਹੋ ਕੇ ਉਨ੍ਹਾਂ ਨੂੰ ਵੇਖਦੇ ਰਹੇ। ਇਸ ਤੋਂ ਇਲਾਵਾ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਤੇ ਭਾਜਪਾ ਪ੍ਰਧਾਨ ਸੁਨੀਲ ਜਾਖੜ ਵੀ ਗਗਨਦੀਪ ਨੂੰ ਅੰਤਿਮ ਵਿਦਾਈ ਦੇਣ ਪਹੁੰਚੇ। ਦੱਸ ਦੇਈਏ ਕਿ ਸਸਕਾਰ ਤੋਂ ਪਹਿਲਾਂ ਸਿਵਲ ਹਸਪਤਾਲ ਵਿੱਚ ਐਗਜ਼ੀਕਿਊਟਿਵ ਮੈਜਿਸਟ੍ਰੇਟ ਦੀ ਨਿਗਰਾਨੀ ਹੇਠ ਕਰੀਬ ਸਾਢੇ ਚਾਰ ਘੰਟੇ ਪੋਸਟਮਾਰਟਮ ਦੀ ਪ੍ਰਕਿਰਿਆ ਚੱਲੀ, ਜਿਸ ਦੀ ਪੂਰੀ ਵੀਡੀਓਗ੍ਰਾਫੀ ਵੀ ਕੀਤੀ ਗਈ।

## ਲਾਲਜੀਤ ਸਿੰਘ ਭੁੱਲਰ 5 ਦਿਨ ਦੇ ਰਿਮਾਂਡ 'ਤੇ ਭੇਜਿਆ

ਡੀ. ਐਮ. ਗਗਨਦੀਪ ਸਿੰਘ ਰੰਧਾਵਾ ਦੀ ਮੌਤ ਦੇ ਮਾਮਲੇ ਵਿੱਚ ਅੰਮ੍ਰਿਤਸਰ ਅਦਾਲਤ ਨੇ ਅੱਜ ਆਮ ਆਦਮੀ ਪਾਰਟੀ ਦੇ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ 5 ਦਿਨ ਦੇ ਰਿਮਾਂਡ 'ਤੇ ਭੇਜ ਦਿੱਤਾ ਹੈ। ਭੁੱਲਰ ਨੂੰ ਬੀਤੇ ਦਿਨ ਗ੍ਰਿਫ਼ਤਾਰ ਕਰਨ ਤੋਂ ਬਾਅਦ ਪੁਲਿਸ ਨੇ ਅੱਜ ਅਦਾਲਤ 'ਚ ਪੇਸ਼ ਕੀਤਾ ਸੀ, ਜਿਥੇ 7 ਦਿਨ ਦੇ ਰਿਮਾਂਡ ਦੀ ਮੰਗ ਕੀਤੀ ਗਈ ਸੀ, ਪਰੰਤੂ ਅਦਾਲਤ ਨੇ 5 ਦਿਨ ਦਾ ਰਿਮਾਂਡ ਦਿੱਤਾ। ਹਰਿਆਣਾ ਖ਼ਬਰਾਂ ਜ਼ਿਕਰਯੋਗ ਹੈ ਕਿ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਵੱਲੋਂ ਸ਼ਨੀਵਾਰ ਨੂੰ ਖੁਦ ਕੁਸ਼ੀ ਕਰਨ ਤੋਂ ਬਾਅਦ ਅੰਮ੍ਰਿਤਸਰ ਪੁਲਿਸ ਨੇ ਐਤਵਾਰ ਨੂੰ ਲਾਲਜੀਤ ਭੁੱਲਰ ਵਿਰੁੱਧ ਐਫਆਈਆਰ ਦਰਜ ਕੀਤੀ ਸੀ। ਭੁੱਲਰ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਅਤੇ ਪੀਏ ਦਿਲਬਾਗ ਸਿੰਘ ਸਮੇਤ ਹੋਰਾਂ 'ਤੇ ਵੀ ਮਾਮਲਾ ਦਰਜ ਕੀਤਾ ਗਿਆ ਸੀ। ਪੀੜਤ ਦੀ ਪਤਨੀ ਉਪਿੰਦਰ ਕੌਰ ਨੇ ਆਪਣੀ ਸ਼ਿਕਾਇਤ ਵਿੱਚ



ਭੁੱਲਰ, ਉਸਦੇ ਪਿਤਾ ਅਤੇ ਪੀਏ 'ਤੇ ਉਸਦੇ ਪਤੀ ਨੂੰ ਇਹ ਖੌਫਨਾਕ ਕਦਮ ਚੁੱਕਣ ਲਈ ਮਜਬੂਰ ਕਰਨ ਦਾ ਦੋਸ਼ ਲਗਾਇਆ ਸੀ। ਉਸਨੇ ਭੁੱਲਰ 'ਤੇ ਉਸਦੇ ਪਤੀ 'ਤੇ ਹਮਲਾ ਕਰਨ ਅਤੇ ਵੇਅਰਹਾਊਸ ਟੈਂਡਰਾਂ ਦੀ ਅਲਾਟਮੈਂਟ ਨੂੰ ਲੈ ਕੇ ਉਸਦੇ ਪਤੀ ਨੂੰ ਵਾਰ-ਵਾਰ ਅਪਮਾਨਿਤ ਕਰਨ ਦਾ ਦੋਸ਼ ਲਗਾਇਆ ਸੀ। ਤਸ਼ੱਦਦ ਸਹਿਣ ਤੋਂ ਬਾਅਦ, ਰੰਧਾਵਾ ਨੇ ਸ਼ਨੀਵਾਰ ਸਵੇਰੇ ਕਥਿਤ ਤੌਰ 'ਤੇ ਸਲਫਾਸ ਖਾ ਲਈ ਸੀ। ਇਸ ਖੌਫਨਾਕ ਕਦਮ ਚੁੱਕਣ ਤੋਂ ਪਹਿਲਾਂ, ਉਸਨੇ ਇੱਕ ਛੋਟਾ ਵੀਡੀਓ ਰਿਕਾਰਡ ਕੀਤਾ, ਜੋ ਹੁਣ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ।

## ਭਾਰਤ 'ਚ 'ਇੱਛਾਮ੍ਰਿਤੂ' ਦਾ ਪਹਿਲਾ ਮਾਮਲਾ

## 13 ਸਾਲਾਂ ਤੋਂ ਕੋਮਾ 'ਚ ਹਰੀਸ਼ ਰਾਣਾ ਦਾ ਦਿੱਲੀ ਏਮਜ਼ 'ਚ ਦੇਹਾਂਤ



**ਨਵੀਂ ਦਿੱਲੀ, 24 ਮਾਰਚ (ਆਵਾਜ਼ਿ ਕੌਮ ਬਿਊਰੋ)**-ਗਾਜ਼ੀਆਬਾਦ ਦੇ ਰਾਜਨਗਰ ਐਕਸਟੈਂਸ਼ਨ ਦੇ ਵਸਨੀਕ ਹਰੀਸ਼ ਰਾਣਾ ਨੇ ਦਿੱਲੀ ਦੇ ਏਮਜ਼ ਵਿਖੇ ਆਖਰੀ ਸਾਹ ਲਿਆ। ਇਹ ਭਾਰਤ ਦਾ ਪਹਿਲਾ ਮਾਮਲਾ ਹੈ, ਜਿਸ ਵਿੱਚ ਸੁਪਰੀਮ ਕੋਰਟ ਨੇ ਹਰੀਸ਼ ਨੂੰ ਇੱਛਾ ਮੌਤ ਦੀ ਮਨਜ਼ੂਰੀ ਦਿੱਤੀ ਸੀ। ਪੰਜਾਬ ਯੂਨੀਵਰਸਿਟੀ ਦਾ ਵਿਦਿਆਰਥੀ ਹਰੀਸ਼ 13 ਸਾਲਾਂ ਤੋਂ ਵੱਧ ਸਮੇਂ ਤੱਕ ਕੋਮਾ ਵਿੱਚ ਰਹਿਣ ਤੋਂ ਬਾਅਦ, ਉਨ੍ਹਾਂ ਦੀ ਦਿੱਲੀ ਦੇ ਏਮਜ਼ ਵਿਖੇ ਮੌਤ ਹੋ ਗਈ। ਹਰੀਸ਼ ਨੇ ਮੰਗਲਵਾਰ (24 ਮਾਰਚ, 2026) ਨੂੰ ਦਿੱਲੀ ਦੇ ਏਮਜ਼ ਵਿਖੇ ਆਖਰੀ ਸਾਹ ਲਿਆ। ਉਹ ਪਿਛਲੇ 13 ਸਾਲਾਂ ਤੋਂ ਮੰਜੇ 'ਤੇ ਇੱਕ ਜ਼ਿੰਦਾ ਲਾਸ਼ ਵਾਂਗ ਜੀਅ ਰਿਹਾ ਸੀ, ਅਤੇ ਅੱਜ ਆਪਣੀ ਦਰਦਨਾਕ ਜ਼ਿੰਦਗੀ ਤੋਂ ਮੁਕਤ ਹੋ ਗਿਆ। ਹਰੀਸ਼ ਦੀ ਹਾਲਤ, ਜੋ ਕਿ 13 ਸਾਲਾਂ ਤੋਂ ਮਸ਼ੀਨਾਂ ਅਤੇ ਡਾਕਟਰੀ ਸਹਾਇਤਾ 'ਤੇ ਨਿਰਭਰ ਸੀ, ਦੇ ਸੰਬੰਧ ਵਿੱਚ ਸੁਪਰੀਮ ਕੋਰਟ ਨੇ ਪੈਸਿਵ ਯੂਥੇਨੇਸੀਆ, ਜਾਂ ਜੀਵਨ-ਸਹਾਇਤਾ ਉਪਕਰਣਾਂ ਨੂੰ ਹਟਾਉਣ ਨੂੰ ਅਧਿਕਾਰਤ ਕੀਤਾ। ਇਸ ਅਦਾਲਤੀ ਫੈਸਲੇ ਨੇ ਭਾਰਤ ਵਿੱਚ ਜੀਵਨ-ਅੰਤ ਦੇ ਕਾਨੂੰਨਾਂ ਲਈ ਇੱਕ ਮਹੱਤਵਪੂਰਨ ਮਿਸਾਲ ਵੀ ਕਾਇਮ ਕੀਤੀ। ਅਦਾਲਤ ਨੇ ਕਈ ਮੈਡੀਕਲ ਬੋਰਡਾਂ ਦੀਆਂ ਰਿਪੋਰਟਾਂ ਅਤੇ ਪਰਿਵਾਰ ਦੀ ਸਹਿਮਤੀ 'ਤੇ ਵਿਚਾਰ ਕਰਨ ਤੋਂ ਬਾਅਦ ਇਹ ਮਹੱਤਵਪੂਰਨ ਫੈਸਲਾ ਜਾਰੀ ਕੀਤਾ ਅਦਾਲਤ ਨੇ ਹਰੀਸ਼ ਨੂੰ ਏਮਜ਼, ਦਿੱਲੀ ਦੇ ਪੈਲੀਏਟਿਵ ਕੇਅਰ ਵਿਭਾਗ ਵਿੱਚ ਦਾਖਲ ਕਰਵਾਉਣ ਅਤੇ ਉਸਦੇ ਆਖਰੀ ਸਾਹਾਂ ਦੀ ਦੇਖਭਾਲ ਲਈ ਇੱਕ ਵਿਆਪਕ ਯੋਜਨਾ ਵਿਕਸਤ ਕਰਨ ਦਾ ਨਿਰਦੇਸ਼ ਦਿੱਤਾ।" ਜ਼ਿਕਰਯੋਗ ਹੈ ਕਿ ਹਰੀਸ਼ ਰਾਣਾ, ਮੂਲ ਰੂਪ ਵਿੱਚ ਗਾਜ਼ੀਆਬਾਦ ਦਾ ਰਹਿਣ ਵਾਲਾ ਸੀ ਅਤੇ 2013 ਵਿੱਚ ਪੰਜਾਬ ਯੂਨੀਵਰਸਿਟੀ ਦਾ ਵਿਦਿਆਰਥੀ ਸੀ। ਉੱਥੇ ਪੜ੍ਹਦੇ ਸਮੇਂ, ਉਹ ਆਪਣੇ ਹੋਸਟਲ ਦੀ ਚੌਥੀ ਮੰਜ਼ਿਲ ਤੋਂ ਡਿੱਗ ਪਿਆ ਸੀ ਅਤੇ ਦਿਮਾਗ ਵਿੱਚ ਗੰਭੀਰ ਸੱਟ ਲੱਗ ਗਈ ਸੀ। ਹਾਦਸੇ ਤੋਂ ਬਾਅਦ, ਡਾਕਟਰਾਂ ਨੇ ਉਸਨੂੰ ਜੀਵਨ ਸਹਾਇਤਾ 'ਤੇ ਰੱਖਿਆ ਅਤੇ ਉਹ ਉਦੋਂ ਤੋਂ ਹੀ ਮੰਜੇ 'ਤੇ ਸੀ।

## "....ਜਾਰੀ ਰਹੇਗੀ ਜੰਗ', ਈਰਾਨੀ ਫੌਜ ਦਾ ਵੱਡਾ ਐਲਾਨ ; ਟਰੰਪ ਦੇ ਦਾਅਵਿਆਂ ਨੂੰ ਨਕਾਰਿਆ

**ਤੇਹਰਾਨ/ਦੁਬਈ, 24 ਮਾਰਚ (ਆਵਾਜ਼ਿ ਕੌਮ ਬਿਊਰੋ)**-ਮੱਧ ਪੂਰਬ ਵਿੱਚ ਜਾਰੀ ਭਿਆਨਕ ਜੰਗ ਦੇ ਵਿਚਕਾਰ ਈਰਾਨ ਦੀ ਫੌਜੀ ਕਮਾਂਡ ਨੇ ਇੱਕ ਬੇਹੱਦ ਸਖ਼ਤ ਬਿਆਨ ਜਾਰੀ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਈਰਾਨ ਦੀ ਚੋਟੀ ਦੀ ਫੌਜੀ ਕਮਾਂਡ ਦੇ ਬੁਲਾਰੇ ਮੇਜਰ ਜਨਰਲ ਅਲੀ ਅਬਦੁੱਲਾਹੀ ਅਲੀਆਬਾਦੀ ਨੇ ਐਲਾਨ ਕੀਤਾ ਹੈ ਕਿ ਉਨ੍ਹਾਂ ਦੀਆਂ ਹਥਿਆਰਬੰਦ ਸੈਨਾਵਾਂ "ਪੂਰੀ ਜਿੱਤ" ਪ੍ਰਾਪਤ ਹੋਣ ਤੱਕ ਆਪਣੀ ਲੜਾਈ ਜਾਰੀ ਰੱਖਣਗੀਆਂ। ਮੇਜਰ ਜਨਰਲ ਅਲੀਆਬਾਦੀ ਦਾ ਇਹ ਬਿਆਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਉਸ ਐਲਾਨ ਤੋਂ ਬਾਅਦ ਆਇਆ ਹੈ, ਜਿਸ ਵਿੱਚ ਉਨ੍ਹਾਂ ਨੇ ਦਾਅਵਾ ਕੀਤਾ ਸੀ ਕਿ ਤੇਹਰਾਨ ਅਤੇ ਵਾਸ਼ਿੰਗਟਨ ਵਿਚਕਾਰ ਗੱਲਬਾਤ ਚੱਲ ਰਹੀ ਹੈ। ਈਰਾਨ ਨੇ ਅਧਿਕਾਰਤ ਤੌਰ 'ਤੇ ਅਮਰੀਕਾ ਨਾਲ ਕਿਸੇ ਵੀ ਤਰ੍ਹਾਂ ਦੀ ਗੱਲਬਾਤ ਹੋਣ ਤੋਂ ਸਾਫ਼ ਇਨਕਾਰ ਕੀਤਾ ਹੈ, ਹਾਲਾਂਕਿ ਈਰਾਨ ਦੇ ਵਿਦੇਸ਼ ਮੰਤਰੀ ਖੇਤਰ ਦੇ ਹੋਰ ਦੇਸ਼ਾਂ ਨਾਲ ਲਗਾਤਾਰ ਸੰਪਰਕ ਵਿੱਚ ਹਨ। ਈਰਾਨੀ ਸਰਕਾਰੀ ਟੈਲੀਵਿਜ਼ਨ ਅਨੁਸਾਰ,



ਜਨਰਲ ਅਲੀਆਬਾਦੀ ਨੇ ਕਿਹਾ ਕਿ ਈਰਾਨ ਦੀਆਂ ਸ਼ਕਤੀਸ਼ਾਲੀ ਹਥਿਆਰਬੰਦ ਸੈਨਾਵਾਂ ਨੂੰ ਦੇਸ਼ ਦੀ ਅਖੰਡਤਾ ਦੀ ਰੱਖਿਆ ਕਰਨ 'ਤੇ ਮਾਣ ਹੈ ਅਤੇ ਇਹ ਸਿਲਸਿਲਾ ਪੂਰੀ ਜਿੱਤ ਤੱਕ ਜਾਰੀ ਰਹੇਗਾ। ਮਾਹਰਾਂ ਦਾ ਮੰਨਣਾ ਹੈ ਕਿ ਫੌਜੀ ਲੀਡਰਸ਼ਿਪ ਦਾ ਇਹ ਬਿਆਨ ਅਸਲ ਵਿੱਚ ਆਪਣੀ ਹੀ ਸਰਕਾਰ ਨੂੰ ਇੱਕ ਚੇਤਾਵਨੀ ਹੈ ਕਿ ਅਮਰੀਕਾ ਨਾਲ ਕਿਸੇ ਵੀ ਸੰਭਵ ਗੱਲਬਾਤ ਦੌਰਾਨ ਕੋਈ ਵੀ ਢਿੱਲ ਜਾਂ ਰਿਆਇਤ ਨਾ ਦਿੱਤੀ ਜਾਵੇ। ਜਨਰਲ ਨੇ ਇਹ ਸਪੱਸ਼ਟ ਨਹੀਂ ਕੀਤਾ ਕਿ ਇਸ "ਪੂਰੀ ਜਿੱਤ" ਦਾ ਅਸਲ ਸਰੂਪ ਕੀ ਹੋਵੇਗਾ, ਪਰ ਉਨ੍ਹਾਂ ਦੇ ਤੇਵਰਾਂ ਤੋਂ ਸਾਫ਼ ਹੈ ਕਿ ਈਰਾਨੀ ਫੌਜ ਫਿਲਹਾਲ ਪਿੱਛੇ ਹਟਣ ਦੇ ਮੂਡ ਵਿੱਚ ਨਹੀਂ ਹੈ।

## ਲੇਬਨਾਨ ਨੇ ਈਰਾਨੀ ਰਾਜਦੂਤ ਦੀ ਮਾਨਤਾ ਕੀਤੀ ਰੱਦ, ਦੇਸ਼ ਛੱਡਣ ਦਾ ਹੁਕਮ

ਮੱਧ ਪੂਰਬ ਵਿੱਚ ਜਾਰੀ ਭਿਆਨਕ ਜੰਗ ਅਤੇ ਵਧਦੇ ਕੂਟਨੀਤਕ ਤਣਾਅ ਦੇ ਦਰਮਿਆਨ ਲੇਬਨਾਨ ਨੇ ਇੱਕ ਬਹੁਤ ਹੀ ਸਖ਼ਤ ਅਤੇ ਹੈਰਾਨੀਜਨਕ ਕਦਮ ਚੁੱਕਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਲੇਬਨਾਨ ਨੇ ਈਰਾਨ ਦੇ ਰਾਜਦੂਤ ਦੀ ਮਾਨਤਾ ਵਾਪਸ ਲੈ ਲਈ ਹੈ ਅਤੇ ਉਨ੍ਹਾਂ ਨੂੰ ਤੁਰੰਤ ਦੇਸ਼ ਛੱਡਣ ਦਾ ਹੁਕਮ ਦਿੱਤਾ ਹੈ। ਸਰੋਤਾਂ ਅਨੁਸਾਰ, ਲੇਬਨਾਨ ਸਰਕਾਰ ਨੇ ਈਰਾਨੀ ਰਾਜਦੂਤ ਦੀ ਮਾਨਤਾ ਰੱਦ ਕਰਦੇ ਹੋਏ ਉਨ੍ਹਾਂ ਨੂੰ ਐਤਵਾਰ ਤੱਕ ਦੇਸ਼ ਵਿੱਚੋਂ ਬਾਹਰ ਜਾਣ ਦਾ ਆਦੇਸ਼ ਜਾਰੀ ਕਰ ਦਿੱਤਾ ਹੈ ਅਤੇ ਉਸਨੂੰ ਗੈਰ-ਗ੍ਰਾਟਾ ਵਿਅਕਤੀ ਐਲਾਨ ਦਿੱਤਾ ਹੈ। ਇਹ ਫੈਸਲਾ ਅਜਿਹੇ ਸਮੇਂ ਆਇਆ ਹੈ ਜਦੋਂ ਲੇਬਨਾਨ ਪਹਿਲਾਂ ਹੀ ਇਜ਼ਰਾਈਲੀ ਹਮਲਿਆਂ ਅਤੇ ਅੰਦਰੂਨੀ ਸਿਆਸੀ ਉਥਲ-ਪੁਥਲ ਦਾ ਸਾਹਮਣਾ ਕਰ ਰਿਹਾ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਡੇਨਿਸ ਰਹਿਮੇ ਨੇ ਐਸੋਸੀਏਟਿਡ ਪ੍ਰੈਸ ਨੂੰ ਦੱਸਿਆ ਕਿ ਈਰਾਨ ਦੇ ਦੂਤਾਵਾਸ ਵਿੱਚ ਅਜੇ ਵੀ ਆਪਣੇ ਕੂਟਨੀਤਕ ਮਿਸ਼ਨ ਦੀ ਅਗਵਾਈ ਕਰਨ ਲਈ ਇੱਕ ਚਾਰਜ ਡੀ'ਅਫੇਅਰ ਹੋਵੇਗਾ।

## ਸੁਪਰੀਮ ਕੋਰਟ ਦਾ ਇਤਿਹਾਸਕ ਫੈਸਲਾ

## ਧਰਮ ਪਰਿਵਰਤਨ ਕਰਨ ਨਾਲ ਅਨੁਸੂਚਿਤ ਜਾਤੀ ਦਾ ਦਰਜਾ ਹੋ ਜਾਵੇਗਾ ਰੱਦ

**ਨਵੀਂ ਦਿੱਲੀ, 24 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਨੇ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ ਮਾਮਲੇ ਵਿੱਚ ਇੱਕ ਮਹੱਤਵਪੂਰਨ ਫੈਸਲਾ ਸੁਣਾਇਆ ਹੈ। ਸੁਪਰੀਮ ਕੋਰਟ ਨੇ ਕਿਹਾ ਕਿ ਜੇਕਰ ਕੋਈ ਵਿਅਕਤੀ ਈਸਾਈ ਧਰਮ ਅਪਣਾਉਂਦਾ ਹੈ ਅਤੇ ਇਸਦਾ ਪਾਲਣ ਕਰਦਾ ਹੈ, ਤਾਂ ਉਹ ਹੁਣ ਅਨੁਸੂਚਿਤ ਜਾਤੀ ਦਾ ਮੈਂਬਰ ਨਹੀਂ ਰਹਿ ਸਕਦਾ। ਜਸਟਿਸ ਪੀਕੇ ਮਿਸ਼ਰਾ ਅਤੇ ਐਨਵੀ ਅੰਜਾਰੀਆ ਦੀ ਬੈਂਚ ਮੰਗਲਵਾਰ ਨੂੰ ਇਸ ਮਾਮਲੇ ਦੀ ਸੁਣਵਾਈ ਕਰ ਰਹੀ ਸੀ। ਸਵਾਲ ਇਹ ਸੀ ਕਿ ਕੀ ਹਿੰਦੂ ਧਰਮ ਤੋਂ ਈਸਾਈ ਧਰਮ ਅਪਣਾਉਣ ਵਾਲਾ ਵਿਅਕਤੀ ਐਸਸੀ ਐਸਟੀ ਐਕਟ ਤਹਿਤ ਅਨੁਸੂਚਿਤ ਜਾਤੀ ਦਾ ਦਰਜਾ ਪ੍ਰਾਪਤ ਕਰ ਸਕਦਾ ਹੈ ? ਤਾਂ ਇਸਦਾ ਜਵਾਬ ਹੈ ਨਹੀਂ। ਦਰਅਸਲ ਸੁਪਰੀਮ ਕੋਰਟ ਨੇ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਇੱਕ ਹੁਕਮ ਨੂੰ ਬਰਕਰਾਰ ਰੱਖਿਆ ਹੈ। ਬਾਰ ਐਂਡ ਬੈਂਚ ਦੇ ਅਨੁਸਾਰ, ਸੁਪਰੀਮ ਕੋਰਟ ਨੇ ਕਿਹਾ ਕਿ ਜੋ ਵਿਅਕਤੀ ਹਿੰਦੂ ਧਰਮ, ਸਿੱਖ ਧਰਮ ਜਾਂ ਬੁੱਧ ਧਰਮ ਤੋਂ ਇਲਾਵਾ ਕਿਸੇ ਹੋਰ ਧਰਮ ਦਾ ਦਾਅਵਾ ਕਰਦਾ ਹੈ, ਉਹ ਅਨੁਸੂਚਿਤ ਜਾਤੀ (ਐਸ. ਸੀ.) ਦਾ ਮੈਂਬਰ ਨਹੀਂ ਹੋ ਸਕਦਾ। ਕਿਸੇ ਹੋਰ ਧਰਮ ਵਿੱਚ ਪਰਿਵਰਤਨ ਦੇ ਨਤੀਜੇ ਵਜੋਂ ਅਨੁਸੂਚਿਤ ਜਾਤੀ ਦਾ ਦਰਜਾ ਖਤਮ ਹੋ ਜਾਂਦਾ ਹੈ। ਸੁਪਰੀਮ ਕੋਰਟ ਨੇ ਕਿਹਾ ਕਿ ਕੋਈ ਵੀ ਵਿਅਕਤੀ ਜੋ ਹਿੰਦੂ ਧਰਮ, ਸਿੱਖ ਧਰਮ ਜਾਂ ਬੁੱਧ ਧਰਮ ਤੋਂ ਇਲਾਵਾ ਕਿਸੇ ਹੋਰ ਧਰਮ ਦਾ ਦਾਅਵਾ ਕਰਦਾ ਹੈ, ਉਸਨੂੰ ਅਨੁਸੂਚਿਤ ਜਾਤੀ ਦਾ ਮੈਂਬਰ ਨਹੀਂ ਮੰਨਿਆ ਜਾ ਸਕਦਾ। ਬੈਂਚ ਨੇ ਸਪੱਸ਼ਟ ਕੀਤਾ ਕਿ ਕਿਸੇ ਹੋਰ ਧਰਮ ਵਿੱਚ ਪਰਿਵਰਤਨ ਕਰਨ ਨਾਲ ਅਨੁਸੂਚਿਤ ਜਾਤੀ ਦਾ ਦਰਜਾ ਖਤਮ ਹੋ ਜਾਂਦਾ ਹੈ। ਸੁਪਰੀਮ ਕੋਰਟ ਨੇ ਕਿਹਾ ਕਿ ਰਿਕਾਰਡਾਂ ਤੋਂ ਪਤਾ ਚੱਲਦਾ ਹੈ ਕਿ ਅਪੀਲਕਰਤਾ ਲਗਭਗ ਇੱਕ ਦਹਾਕੇ ਤੋਂ ਈਸਾਈ ਧਰਮ ਦੀ ਪਾਲਣਾ ਕਰ ਰਿਹਾ ਸੀ ਅਤੇ ਇੱਕ ਪਾਦਰੀ ਵਜੋਂ ਐਤਵਾਰ ਦੀਆਂ ਸੇਵਾਵਾਂ ਵੀ ਨਿਭਾਉਂਦਾ ਸੀ। ਇਨ੍ਹਾਂ ਤੱਥਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਸੁਪਰੀਮ ਕੋਰਟ ਨੇ ਕਿਹਾ ਕਿ ਅਜਿਹੇ ਵਿਅਕਤੀ ਨੂੰ ਅਨੁਸੂਚਿਤ ਜਾਤੀ ਭਾਈਚਾਰੇ ਦਾ ਮੈਂਬਰ ਮੰਨਣਾ ਅਤੇ ਉਸਨੂੰ ਐਸਸੀ/ਐਸਟੀ ਅੱਤਿਆਚਾਰ ਐਕਟ ਅਧੀਨ ਸੁਰੱਖਿਆ ਪ੍ਰਦਾਨ ਕਰਨਾ ਉਚਿਤ ਨਹੀਂ ਹੋਵੇਗਾ।

**ਸ਼੍ਰੋਮਣੀ ਕਮੇਟੀ ਨੇ ਕੀਤਾ ਫੈਸਲੇ ਦਾ ਸਵਾਗਤ** -ਉੱਥੇ ਹੀ ਦੂਜੇ ਪਾਸੇ ਧਰਮ ਪਰਿਵਰਤਨ ਦੇ ਸਬੰਧ 'ਚ ਆਏ ਸੁਪਰੀਮ ਕੋਰਟ ਦੇ ਫੈਸਲੇ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਵਾਗਤ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਨੇ ਕਿਹਾ ਕਿ ਪੰਜਾਬ 'ਚ ਖ਼ਾਸ ਕਰਕੇ ਸਰਹੱਦੀ ਪਿੰਡਾਂ 'ਚ ਚਮਤਕਾਰ ਦਿਖਾ ਕੇ, ਲਾਲਚ ਦੇ ਕੇ ਖ਼ਾਸ ਤੌਰ 'ਤੇ ਈਸਾਈ ਧਰਮ ਆਪਣਾ ਕੇ ਐਸਸੀ ਐਸਟੀ ਦੇ ਫਾਇਦੇ ਮਿਲਣ ਦਾ ਲਾਲਚ ਦਿੱਤਾ ਜਾ ਰਿਹਾ ਸੀ। ਸੁਪਰੀਮ ਕੋਰਟ ਦੇ ਇਸ ਇਤਿਹਾਸਿਕ ਫੈਸਲੇ ਨਾਲ ਧਰਮ ਪਰਿਵਰਤਨ ਨੂੰ ਠੱਲ ਪਵੇਗੀ।

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

**ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ।**
**ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

**ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

**ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ।**

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

**★ ਗੁਰੂ ਪੰਥ ਦੇ ਦਾਸਰੇ ★**

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਚਰਖੜ੍ਹੀਆਂ ਤੇ ਚੜ੍ਹਨ ਵਾਲੇ ਗੁਰਸਿੱਖ ਪਿਆਰੇ ਭਾਈ ਸ਼ੁਬੇਗ ਸਿੰਘ, ਭਾਈ ਸ਼ਾਹਬਾਜ਼ ਸਿੰਘ

## 12 ਚੇਤ 25 ਮਾਰਚ ਦਿਨ ਬੁੱਧਵਾਰ ਨੂੰ ਸ਼ਹੀਦੀ ਦਿਵਸ ’ਤੇ ਵਿਸ਼ੇਸ਼

ਗੁਰੂ ਗੋਬਿੰਦ ਸਿੰਘ ਜੀ ਦਾ ਖਾਲਸਾ ਸਾਜਣ ਦਾ ਮਨੋਰਥ ਸ਼ੁੱਧ ਲੋਕਾਂ ਦੀ ਇੱਕ ਕੌਮ ਦੀ ਨੀਂਹ ਰੱਖਣੀ ਸੀ, ਜੋ ਧਰਮ ਅਤੇ ਸਮਾਜ ਦੀਆਂ ਬੁਰਾਈਆਂ ਤੋਂ ਸੁਤੰਤਰ ਹੋਣ।ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਬਸੰਤ ਰਾਗ ਵਿੱਚ ਸੂਰਮੇ ਦੀ ਪ੍ਰੀਭਾਸ਼ਾ ਦਿੰਦੇ ਦੱਸਦੇ ਹਨ ਕਿ ਰਣ ਖੇਤਰ ਦੇਖ ਕੇ ਤਾਂ ਸੂਰਮੇ ਦੇ ਮਨ ਵਿੱਚ ਚਾਉ ਪੈਦਾ ਹੁੰਦਾ ਹੈ।

**ਰਣੁ ਦੇਖਿ ਸੂਰੇ ਚਿਤ ਉਲਾਸ** (ਅੰਗ-1180)

ਪ੍ਰਸਿੱਧ ਇਤਿਹਾਸਕਾਰ ਪ੍ਰਿੰ. ਸਤਿਬੀਰ ਸਿੰਘ ਜੀ ਲਿੱਖਦੇ ਹਨ ਕਿ ਜੋ ਕਾਰਨਾਮੇ ਸਿੱਖਾਂ ਨੇ ਉਸ ਯੁੱਗ ਵਿੱਚ ਕੀਤੇ, ਉਹਨਾਂ ਦੀ ਯਾਦ ਸਦਕਾ ਹੀ ਅਸੀਂ ਸਿਰ ਉੱਚਾ ਕਰਨ ਦੇ ਯੋਗ ਹੋ ਸਕੇ ਹਾਂ। ਇਸ ਲਈ ਇਹ ਘਟਨਾਵਾਂ ਸਾਡੀ ਨਿੱਤ ਦੀ ਅਰਦਾਸ ਦਾ ਹਿੱਸਾ ਬਣ ਗਈਆਂ।ਇਹ ਸਮਾਂ ਅਰਦਾਸ ਦੇ ਉਹਨਾਂ ਅੱਖਰਾਂ ‘ਜਿੰਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿੱਤੇ, ਬੰਦ-ਬੰਦ ਕਟਾਏ, ਖੋਪਰੀਆਂ ਲੁਹਾਈਆਂ, ਚਰਖੜੀਆਂ ਤੇ ਚੜ੍ਹੇ, ਤਨ ਆਰਿਆਂ ਨਾਲ ਚਿਰਾਏ ਗਏ, ਗੁਰਦੁਆਰਿਆਂ ਦੀ ਸੇਵਾ ਲਈ ਕੁਰਬਾਨੀਆਂ ਕੀਤੀਆਂ, ਧਰਮ ਨਹੀ ਹਾਰਿਆ, ਸਿੱਖੀ

ਆਵਾਜ਼ਿ ਕੌਮ AWAZE QAUM
International Newspaper & WEB TV

ਕੇਸਾਂ ਸੁਆਸਾਂ ਸੰਗ ਨਿਬਾਹੀ, ਜਹਾਂ-ਜਹਾਂ ਖਾਲਸਾ ਜੀ ਸਾਹਿਬ, ਤਹਾਂ-ਤਹਾਂ ਰੱਛਿਆ ਰਿਆਇਤ, ਦੇਗ ਤੇਗ ਫਤਿਹ, ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਦਰਸ਼ਨ ਇਸ਼ਨਾਨ, ਚੌਂਕੀਆਂ ਝੰਡੇ ਬੁੰਗੇ ਜੁਗੋ-ਜੁੱਗ ਅਟੱਲ, ਧਰਮ ਕਾ ਜੈਕਾਰ ਦੇ ਜੈਕਾਰੇ ਨਿੱਤ ਗੂੰਜਦੇ ਹਨ ਤੇ ਸਦਾ ਗੂੰਜਦੇ ਰਹਿਣਗੇ।ਸਿੱਖ ਧਰਮ ਵਿੱਚ ਪਰਪੱਕ ਰਹਿਣ ਵਾਲੇ ਪਿਉ ਪੁੱਤਰ ਭਾਈ ਸ਼ੁਬੇਗ ਸਿੰਘ ਤੇ ਭਾਈ ਸ਼ਾਹਬਾਜ਼ ਸਿੰਘ ਨੇ ਧਰਮ ਖਾਤਰ ਸ਼ਹੀਦੀ ਪ੍ਰਾਪਤ ਕੀਤੀ. ਜਿੰਨ੍ਹਾਂ ਨੇ ਸਿੱਖੀ ਸਿਦਕ ਸਿਰ ਦੇ ਕੇ ਨਿਭਾਇਆ, ਪਰ ਆਪਣੇ ਧਰਮ ਤੋਂ ਉੱਖੜੇ ਨਹੀ।

ਭਾਈ ਸ਼ੁਬੇਗ ਸਿੰਘ ਤੇ ਭਾਈ ਸ਼ਾਹਬਾਜ਼ ਸਿੰਘ ਪਿੰਡ ਜੰਬਰ, ਤਹਿਸੀਲ ਚੂਣੀਆਂ, ਥਾਣਾ ਛਾਂਗਾ ਮਾਂਗਾ, ਲਾਹੌਰ ਦੇ ਰਹਿਣ ਵਾਲੇ ਸਨ। ਪਿੰਡ ਜੰਬਰ ਸਟੇਸ਼ਨ ਛਾਂਗਾ ਮਾਂਗਾ ਤੋਂ ਪੰਜ ਮੀਲ ਦੀ ਦੂਰੀ ਤੇ ਸਥਿੱਤ ਹੈ। ਇਤਿਹਾਸ ਵਿੱਚ ਆਉਂਦਾ ਹੈ ਕਿ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪਣੇ ਮੁਬਾਰਕ ਚਰਨ ਇਸ ਪਿੰਡ ਵਿੱਚ ਪਾਏ ਸਨ। ਭਾਈ ਸ਼ੁਬੇਗ ਸਿੰਘ ਤੇ ਭਾਈ ਸ਼ਾਹਬਾਜ਼ ਸਿੰਘ ਦਾ ਇਤਿਹਾਸ ਇਸ ਤਰ੍ਹਾਂ ਹੈ ਕਿ ਭਾਈ ਸ਼ੁਬੇਗ ਸਿੰਘ ਸਰਕਾਰੀ ਠੇਕੇਦਾਰ ਸਨ ਤੇ ਸਰਕਾਰੇ ਦਰਬਾਰੇ ਪੂਰਾ ਰੋਹਬ ਸੀ। ਭਾਈ ਸਾਹਬ ਅਰਬੀ ਫ਼ਾਰਸੀ ਦੇ ਚੰਗੇ ਵਿਦਵਾਨ ਸਨ। ਸਿੱਖੀ ਸਿਧਾਂਤ ਤੇ ਆਚਰਣ ਦੇ ਪੂਰਨ ਗੁਰਸਿੱਖ ਸਨ।ਖ਼ਾਲਸੇ ਨੂੰ ਹਰ ਸਰਕਾਰੀ ਖਤਰੇ ਤੋਂ ਪਹਿਲਾਂ ਹੀ ਖਬਰੀ ਰਾਹੀਂ ਖਬਰਾਂ ਪਹੁੰਚਾ ਦਿੰਦੇ ਸਨ।

**ਪੰਥ ਖਾਤਰ ਤਨ ਮਨ ਧਨ ਲਾਵੈ।**
**ਨਹਿ ਪੁੱਤਰ ਪੋਤਰੇ ਕੇ ਹੇਤ ਰਖਾਵੈ।**

ਭਾਈ ਸ਼ੁਬੇਗ ਸਿੰਘ ਜੀ ਦਾ ਲੜਕਾ ਭਾਈ ਸ਼ਾਹਬਾਜ਼ ਸਿੰਘ ਲਾਹੌਰ ਵਿੱਚ ਹੀ ਇੱਕ ਕਾਜ਼ੀ ਕੋਲ ਅਰਬੀ ਫ਼ਾਰਸੀ ਦੀ ਵਿਦਿਆ ਪ੍ਰਾਪਤ ਕਰਦਾ ਸੀ। ਉਸ ਕਾਜ਼ੀ ਨੇ ਸਿੱਖ ਹੋਣ ਕਰਕੇ ਭਾਈ ਸ਼ਾਹਬਾਜ਼ ਸਿੰਘ ਨੂੰ ਮੁਸਲਮਾਨ ਬਣਨ ਲਈ ਪ੍ਰੇਰਿਆ। ਭਾਈ ਸ਼ਾਹਬਾਜ਼ ਸਿੰਘ ਨੇ ਕਾਜ਼ੀ ਦੇ ਮਨਸੂਬੇ ਫੇਲ ਕਰ ਦਿੱਤੇ। ਕਾਜ਼ੀ ਨੇ ਇਸ ਬੱਚੇ ਤੇ ਝੂਠਾ ਇਲਜ਼ਾਮ ਲਗਾਇਆ ਕਿ ਇਸ ਨੇ ਹਜ਼ਰਤ ਮੁਹੰਮਦ ਸਾਹਿਬ ਦੀ ਬੇਟੀ ਬੀਬੀ ਫ਼ਾਤਿਮਾ ਦੀ ਸ਼ਾਨ ਦੇ ਖਿਲਾਫ ਅਪ ਸ਼ਬਦ ਬੋਲੇ ਹਨ।ਇਹ ਇਲਜ਼ਾਮ ਲਗਾ ਕੇ ਭਾਈ ਸਾਹਬਾਜ਼ ਸਿੰਘ ਨੂੰ ਗ੍ਰਿਫਤਾਰ ਕਰਵਾ ਦਿੱਤਾ।ਬੱਚੇ ਨੂੰ ਡਰਾ ਧਮਕਾ ਕੇ ਜ਼ੋਰ ਪਾਇਆ ਗਿਆ ਕਿ ਇਸਲਾਮ ਕਬੂਲ ਕਰ ਲਵੇ ਤਾਂ ਜਾਨ ਬਖਸ਼ੀ ਕਰ ਦਿੱਤੀ ਜਾਵੇਗੀ ਤੇ ਮੂੰਹ ਮੰਗੀਆਂ ਮੁਰਾਦਾਂ ਮਿਲਣਗੀਆਂ, ਪਰ ਭਾਈ ਸ਼ਾਹਬਾਜ਼ ਸਿੰਘ ਨੇ ਇਸਲਾਮ ਕਬੂਲ ਕਰਨ ਤੋਂ ਕੋਰੀ ਨਾਂਹ ਕਰ ਦਿੱਤੀ।



ਭਾਈ ਸ਼ਾਹਬਾਜ਼ ਸਿੰਘ ਨੂੰ ਚਰਖੜ੍ਹੀ ਤੇ ਚਾੜ੍ਹ ਕੇ ਸ਼ਹੀਦ ਕਰਨ ਦਾ ਫਤਵਾ ਜਾਰੀ ਕਰ ਦਿੱਤਾ ਗਿਆ।ਸਰਕਾਰੇ ਦਰਬਾਰੇ ਰੋਹਬ ਹੋਣ ਕਾਰਨ ਜਦ ਪਿਤਾ ਸ੍ਰ. ਸ਼ੁਬੇਗ ਸਿੰਘ ਨੇ ਇਸ ਗੱਲ ਦਾ ਵਿਰੋਧ ਜਤਾਇਆ ਤਾਂ ਉਸ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ ਤੇ ਪਿਉ ਪੁੱਤਰ ਨੂੰ ਇੱਕਠੇ ਹੀ ਚਰਖੜ੍ਹੀ ਤੇ ਚਾੜ੍ਹਨ ਦਾ ਫੁਰਮਾਣ ਜਾਰੀ ਕਰ ਦਿੱਤਾ।ਦੋਵੇਂ ਪਿਉ ਪੁੱਤਰ ‘ਅਕਾਲ-ਅਕਾਲ’ ਕਹਿ ਕੇ ਤਸੀਹੇ ਝੱਲ ਰਹੇ ਸਨ। ਕਈ ਵਾਰ ਦੋਵਾਂ ਅੱਗੇ ਇਸਲਾਮ ਕਬੂਲ ਕਰਨ ਵਾਲੀ ਸ਼ਰਤ ਰੱਖੀ ਗਈ ਕਿ ‘ਕਿਉਂ ਆਪਣੀ ਜਾਨ ਅਜ਼ਾਈਂ ਗਵਾ ਰਹੇ ਹੋ।’ਦੋਵਾਂ ਪਿਉ ਪੁੱਤਰਾਂ ਨੇ ਅੱਗੋਂ ਉੱਤਰ ਦਿੱਤਾ ਕਿ ‘ ਦੀਨ ਕਬੂਲ ਕਰਨ ਨਾਲ ਕੀ ਸਾਨੂੰ ਮੌਤ ਨਹੀ ਆਵੇਗੀ। ਮੌਤ ਨੇ ਤਾਂ ਆਉਣਾ ਹੀ ਹੈ। ਅਸੀਂ ਕਾਇਰਾਂ ਵਾਲੀ ਮੌਤ ਮਰਨਾ ਪਸੰਦ ਨਹੀ ਕਰਾਂਗੇ। ਅਸੀਂ ਗੁਰੂ ਗੋਬਿੰਦ ਸਿੰਘ ਜੀ ਦੇ ਸਿੱਖ ਹਾਂ।

**ਮਰਨੋਂ ਡਰ ਹਮ ਦੀਨ ਮੋ ਕਰੋਂ।**
**ਕੋਇ ਦੀਨ ਮੈ ਫਿਰਿ ਨਹਿ ਮਰੋਂ।**

ਚਰਖੜ੍ਹੀ ਘੁੰਮਦੀ ਰਹੀ। ਤਿੱਖੇ ਨੋਕੀਲੇ ਖੰਜ਼ਰ ਸੀਨੇ ਵਿੱਚ ਖੁੱਭਦੇ ਰਹੇ।ਦੋਵੇਂ ਪਿਉ ਪੁੱਤਰ ਸਿੱਖੀ ਖਾਤਿਰ ਤਸੀਹੇ ਝੱਲਦੇ ਰਹੇ।ਮੁੱਖੋਂ ‘ਅਕਾਲ-ਅਕਾਲ’ ਜੱਪਦੇ ਰਹੇ।ਅਧਮੋਇਆਂ ਹੋਇਆਂ ਨੂੰ ਇੱਕ ਵਾਰ ਫਿਰ ਚਰਖੜ੍ਹੀ ਤੋਂ ਹੇਠਾਂ ਉਤਾਰ ਕੇ ਦੋਵਾਂ ਨੂੰ ਵੱਖ-ਵੱਖ ਕਰਕੇ ਇੱਕ ਲੂੰਬੜ ਚਾਲ ਚੱਲੀ ਗਈ। ਪਿਉ ਨੂੰ ਕਿਹਾ ਕਿ ਤੇਰੇ ਪੁੱਤਰ ਨੇ ਇਸਲਾਮ ਕਬੂਲ ਕਰ ਲਿਆ ਹੈ ਤੂੰ ਵੀ ਮੰਨ ਜਾਹ। ਉਧਰ ਪੁੱਤਰ ਨੂੰ ਕਿਹਾ ਕਿ ਤੇਰੇ ਪਿਉ ਨੇ ਇਸਲਾਮ ਕਬੂਲ ਕਰ ਲਿਆ ਹੈ। ਤੂੰ ਵੀ ਮੰਨ ਜਾਹ, ਪਰ ਉਹਨਾਂ ਦੀ ਇਹ ਲੂੰਬੜ ਚਾਲ ਨਾ ਚੱਲ ਸਕੀ। ਭਾਈ ਸ਼ੁਬੇਗ ਸਿੰਘ ਜੀ ਨੇ ਉੱਚੀ ਅਵਾਜ਼ ਵਿੱਚ ਜੋ ਕਿਹਾ, ਉਸਨੂੰ ‘ਪੰਥਪ੍ਰਕਾਸ਼’ ਦੇ ਲਿਖਾਰੀ ਨੇ ਇਸ ਤਰ੍ਹਾਂ ਲਿਖਿਆ ਹੈ:

**ਸਿੱਖ ਕਾ ਜਸੁ ਗੁਰੁ ਹਮਾਰੇ।**
**ਸੀਸ ਦੀਉ ਨਿਜ ਸਣ ਪਰਵਾਰੇ।**
**ਹਮ ਕਾਰਨ ਗੁਰ ਕੁਲਹਿ ਗਵਾਈ।**
**ਹਮ ਕੁਲ ਰਾਖੈਂ ਕੌਣ ਬਡਾਈ।**

ਇਸਲਾਮ ਕਬੂਲ ਕਰਨ ਤੋਂ ਨਾਂਹ ਕਰਨ ਤੇ ਫਿਰ ਦੋਵਾਂ ਨੂੰ ਚਰਖੜ੍ਹੀ ਤੇ ਚਾੜ੍ਹਿਆ ਗਿਆ। ਭਾਈ ਸ਼ੁਬੇਗ ਸਿੰਘ ਤੇ ਭਾਈ ਸ਼ਾਹਬਾਜ਼ ਸਿੰਘ ਨੇ ‘ਅਕਾਲ-ਅਕਾਲ’ ਪੁਕਾਰਦੇ ਹੋਏ ਸਿੱਖੀ ਖਾਤਿਰ ਸ਼ਹੀਦੀ ਪ੍ਰਾਪਤ ਕਰਕੇ ਰੱਖ ਵਖਾਈ ਤੇ ਸਦਾ-ਸਦਾ ਲਈ ਗੁਰੂ ਚਰਨਾਂ ਵਿੱਚ ਅਭੇਦ ਹੋ ਗਏ। ਜ਼ਕਰੀਆ ਖ਼ਾਨ ਦੀ ਮੌਤ ਪਹਿਲੀ ਜੁਲਾਈ 1745 ਨੂੰ ਹੋਈ। ਜ਼ਕਰੀਆਂ ਖ਼ਾਨ ਦੀ ਮੌਤ ਦੀ ਪੁਸ਼ਟੀ ਪ੍ਰਸਿੱਧ ਇਤਿਹਾਸਕਾਰ ਖੁਸ਼ਵਕਤ ਰਾਇ, ਸੋਹਣ ਲਾਲ, ਅਲੀ-ਉਲ-ਦੀਨ, ਕਨਿੰਘਮ ਵੀ ਕਰਦੇ ਹਨ।ਉਸ ਤੋਂ ਬਾਦ ਉਸ ਦਾ ਪੁੱਤਰ ਯਾਹੀਆ ਖ਼ਾਨ ਤਖਤ ਤੇ ਬੈਠਾ। ਇਹ ਘਟਨਾ ਉਸ ਸਮੇਂ ਦੀ ਹੈ।ਭਾਈ ਸ਼ੁਬੇਗ ਸਿੰਘ ਤੇ ਭਾਈ ਸ਼ਾਹਬਾਜ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ 12 ਚੇਤ 25 ਮਾਰਚ ਦਿਨ ਬੁੱਧਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ ਹੈ।ਸਿੱਖ ਕੌਮ ਦੇ ਐਸੇ ਮਹਾਨ ਸੂਰਬੀਰ ਯੋਧਿਆਂ ਨੂੰ ਕੋਟਿਨ ਕੋਟਿ ਪ੍ਰਣਾਮ।

**-ਧਰਮਿੰਦਰ ਸਿੰਘ(ਚੱਬਾ) ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ**

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਜਨਮ
ਪਿੰਡ ਰੋਡੇ
2.6.1947
Birth
Pind Rode
ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk
ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

### ਭਰੋਸੇ ਨਾਲ ਵਪਾਰ: ਭਾਰਤ-ਅਮਰੀਕਾ ਸਮਝੌਤਾ

# ਕਿਸਾਨਾਂ ਦੀ ਸੁਰੱਖਿਆ ਦੇ ਨਾਲ ਵਪਾਰ ਦਾ ਨਵਾਂ ਅਧਿਆਇ



2025 ਦੀ ਸ਼ੁਰੂਆਤ ਵਿੱਚ ਅਮਰੀਕਾ ਵੱਲੋਂ ਭਾਰਤੀ ਨਿਰਯਾਤ 'ਤੇ 50% ਟੈਰਿਫ਼ ਲਗਾਇਆ ਗਿਆ। ਸੋਚਿਆ ਹੋਵੇਗਾ ਕਿ ਭਾਰਤ ਡਰ ਜਾਵੇਗਾ। ਪਰ ਇਹ ਨਵਾਂ ਭਾਰਤ ਹੈ—ਇਹ ਡਰਦਾ ਨਹੀਂ, ਇਹ ਰਣਨੀਤੀ ਬਣਾਉਂਦਾ ਹੈ। ਭਾਰਤ ਨੇ ਨਾ ਤਾਂ ਹੜਬੜਾਹਟ ਵਿੱਚ ਫ਼ੈਸਲਾ ਕੀਤਾ ਅਤੇ ਨਾ ਹੀ ਝੁਕਿਆ। ਇਸ ਦੀ ਥਾਂ ਯੂਰਪ, ਜਾਪਾਨ, ਅਫ਼ਰੀਕਾ, ਵੀਅਤਨਾਮ ਅਤੇ ਮੱਧ-ਪੂਰਬ ਨਾਲ ਆਪਣੇ ਵਪਾਰਕ ਸੰਬੰਧ ਹੋਰ ਮਜ਼ਬੂਤ ਕਰਦੇ ਹੋਏ ਦੁਨੀਆ ਨੂੰ ਇਹ ਸੰਦੇਸ਼ ਦਿੱਤਾ ਕਿ ਭਾਰਤ ਕਿਸੇ ਇੱਕ ਧੁਰੇ 'ਤੇ ਨਿਰਭਰ ਨਹੀਂ। ਇਹ ਭਾਰਤ ਆਪਣੀ ਆਰਥਿਕ ਤਾਕਤ ਨੂੰ ਨਵੇਂ ਮੋੜ 'ਤੇ ਲੈ ਜਾਣ ਅਤੇ ਵਿਸ਼ਵ ਪੱਧਰ 'ਤੇ ਮਜ਼ਬੂਤ ਭੂਮਿਕਾ ਲਈ ਉਤਸੁਕ ਹੈ।

ਇਸੇ ਸੰਦਰਭ ਵਿੱਚ ਹੁਣ ਅਮਰੀਕਾ ਨੇ ਭਾਰਤ ਨਾਲ ਦੁਵੱਲੀ ਵਪਾਰ ਦੀ ਅਹਿਮੀਅਤ ਨੂੰ ਸਮਝਿਆ। ਅਮਰੀਕਾ ਵੱਲੋਂ ਭਾਰਤ ਨਾਲ ਮਹੱਤਵਪੂਰਨ ਵਪਾਰ ਸਮਝੌਤਾ ਕਰਦਿਆਂ 50% ਟੈਰਿਫ਼ ਵਿੱਚ 32% ਦੀ ਕਟੌਤੀ ਕਰਕੇ ਇਸਨੂੰ 18% ਤੱਕ ਲਿਆਉਣਾ ਸਿਰਫ਼ ਕੋਈ ਕਾਗ.ਜ਼ੀ ਕਾਰਵਾਈ ਜਾਂ ਅੰਕੜਿਆਂ ਦੀ ਖੇਡ ਨਹੀਂ, ਸਗੋਂ ਇਹ ਸਾਬਤ ਕਰਦਾ ਹੈ ਕਿ ਜੇ ਨੀਅਤ ਸਾਫ਼ ਅਤੇ ਲੀਡਰਸ਼ਿਪ ਮਜ਼ਬੂਤ ਹੋਵੇ, ਤਾਂ ਦੁਨੀਆ ਦੀ ਸਭ ਤੋਂ ਵੱਡੀ ਤਾਕਤ ਵੀ ਭਾਰਤ ਦੀ ਗੱਲ ਸੁਣਦੀ ਹੈ।

ਇਸ ਸਮਝੌਤੇ ਨਾਲ ਭਾਰਤੀ ਨਿਰਯਾਤਕਾਰਾਂ ਲਈ ਅਮਰੀਕੀ ਬਾਜ਼ਾਰ ਹੋਰ ਖੁੱਲ੍ਹ ਗਿਆ ਹੈ। ਮੌਜੂਦਾ 191 ਬਿਲੀਅਨ ਡਾਲਰ ਦਾ ਦੁਵੱਲੀ ਵਪਾਰ ਅਗਲੇ ਪੰਜ ਸਾਲਾਂ ਵਿੱਚ 500 ਬਿਲੀਅਨ ਡਾਲਰ ਤੱਕ ਪਹੁੰਚਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਦੌਰਾਨ ਭਾਰਤ-ਅਮਰੀਕਾ ਵਪਾਰ ਸਮਝੌਤਾ (2"1) ਨੂੰ ਲੈ ਕੇ ਵਿਰੋਧੀ ਧਿਰਾਂ ਵੱਲੋਂ ਕਾਫ਼ੀ ਚਰਚਾ ਕੀਤੀ ਜਾ ਰਹੀ ਹੈ, ਖ਼ਾਸ ਕਰਕੇ ਕਿਸਾਨ ਭਾਈਚਾਰੇ ਵਿੱਚ ਡਰ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਿਵੇਂ ਕਿ ਮੱਕੀ ਤੇ ਸੋਇਆਬੀਨ ਦੀਆਂ ਕੀਮਤਾਂ ਘਟ ਜਾਣਗੀਆਂ, ਬਾਹਰੋਂ ਫਲ ਆਉਣ ਨਾਲ ਦੇਸੀ ਕਿਸਾਨਾਂ ਨੂੰ ਨੁਕਸਾਨ ਹੋਵੇਗਾ ਅਤੇ ਖਾਣ ਵਾਲੇ ਤੇਲ ਵਿੱਚ ਵਿਦੇਸ਼ੀ ਮੁਕਾਬਲਾ ਵੱਧ ਜਾਵੇਗਾ ਆਦਿ।

ਬੇਸ਼ੱਕ ਇਹ ਚਿੰਤਾਵਾਂ ਗੰਭੀਰ ਹਨ ਅਤੇ ਉਨ੍ਹਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ, ਕਿਉਂਕਿ ਭਾਰਤ ਵਿੱਚ ਖੇਤੀ ਸਿਰਫ਼ ਰੋਜ਼ੀ-ਰੋਟੀ ਨਹੀਂ, ਸਗੋਂ ਖਾਦ ਸੁਰੱਖਿਆ ਅਤੇ ਪਿੰਡਾਂ ਦੀ ਜ਼ਿੰਦਗੀ ਨਾਲ ਜੁੜੀ ਹੋਈ ਹੈ।

ਪਰ ਜਦੋਂ ਇਸ ਸਮਝੌਤੇ ਨੂੰ ਧਿਆਨ ਨਾਲ ਸਮਝਿਆ ਜਾਂਦਾ ਹੈ, ਤਾਂ ਇਹ ਸਾਫ਼ ਹੋ ਜਾਂਦਾ ਹੈ ਕਿ ਇਹ ਕੋਈ ਬੇਲਗ.ਾਮ ਖੁੱਲ੍ਹਾ ਵਪਾਰ ਨਹੀਂ, ਸਗੋਂ ਬਹੁਤ ਸੋਚ-ਵਿਚਾਰ ਨਾਲ ਬਣਾਇਆ ਗਿਆ ਸੁਰੱਖਿਅਤ ਅਤੇ ਸੰਤੁਲਿਤ ਢਾਂਚਾ ਹੈ। ਭਾਰਤ ਸਰਕਾਰ ਨੇ "ਵਪਾਰ ਵੀ ਵਧੇ ਅਤੇ ਕਿਸਾਨ ਵੀ ਸੁਰੱਖਿਅਤ ਰਹਿਣ" — ਦੋਵੇਂ ਗੱਲਾਂ ਨੂੰ ਇਕੱਠੇ ਧਿਆਨ ਵਿੱਚ ਰੱਖਿਆ ਹੈ। ਇਸ ਸਮਝੌਤੇ ਵਿੱਚ ਖੇਤੀਬਾੜੀ ਖੇਤਰ ਦੇ 1.36 ਅਰਬ ਡਾਲਰ ਦੇ ਭਾਰਤੀ ਨਿਰਯਾਤ 'ਤੇ 0% ਡਿਊਟੀ ਲਾਗੂ ਹੋਵੇਗੀ। ਨਾਲ ਹੀ ਭਾਰਤ ਨੇ ਆਪਣੇ ਜ਼ਰੂਰੀ ਖੇਤਰਾਂ ਜਿਵੇਂ ਕਿ ਕਿਸਾਨ, ਮਛੇਰੇ ਅਤੇ ਡੇਅਰੀ ਉਤਪਾਦਕਾਂ ਦੇ ਹਿਤਾਂ ਦੀ ਪੂਰੀ ਸੁਰੱਖਿਆ ਕੀਤੀ ਹੈ।

ਪਹਿਲੀ ਗੱਲ, ਪਸ਼ੂ ਚਾਰੇ ਵਿੱਚ ਵਰਤਿਆ ਜਾਣ ਵਾਲਾ ਸਮਾਨ (DDGS) ਦੇ ਮਾਮਲੇ ਵਿੱਚ ਭਰਮ ਫੈਲਾਇਆ ਜਾ ਰਿਹਾ ਹੈ ਕਿ ਇਸ ਦੀ ਆਮਦ ਨਾਲ ਮੱਕੀ ਤੇ ਸੋਇਆਬੀਨ ਦੇ ਕਿਸਾਨਾਂ ਨੂੰ ਨੁਕਸਾਨ ਹੋਵੇਗਾ। ਪਰ ਹਕੀਕਤ ਇਹ ਹੈ ਕਿ ਇਹ ਆਮਦ ਇੰਨੀ ਘੱਟ ਰੱਖੀ ਗਈ ਹੈ ਕਿ ਮਾਰਕੀਟ 'ਤੇ ਕੋਈ ਵੱਡਾ ਅਸਰ ਨਹੀਂ ਪਵੇਗਾ। ਉਲਟਾ ਸਸਤਾ ਚਾਰਾ ਮਿਲਣ ਨਾਲ ਪੋਲਟਰੀ, ਡੇਅਰੀ ਅਤੇ ਪਸ਼ੂ ਪਾਲਣ ਕਰਨ ਵਾਲੇ ਕਿਸਾਨਾਂ ਦੀ ਲਾਗਤ ਘਟੇਗੀ ਅਤੇ ਉਹਨਾਂ ਦੀ ਆਮਦਨ ਵਧੇਗੀ। ਕਿਉਂਕਿ ਭਾਰਤ ਵਿੱਚ ਪਸ਼ੂ ਚਾਰੇ ਦੀ ਕੁੱਲ ਮੰਗ ਲਗਭਗ 600 ਲੱਖ ਟਨ ਹੈ, ਜਦਕਿ DDGS ਦੀ ਆਮਦ ਸਿਰਫ਼ 5 ਲੱਖ ਟਨ ਤੱਕ ਹੀ ਸੀਮਿਤ ਹੈ—ਜੋ 1% ਤੋਂ ਵੀ ਘੱਟ ਹੈ। ਇਸ ਤੋਂ ਇਲਾਵਾ, ਇਹ non-GM ਹੈ ਅਤੇ ਸਿਰਫ਼ ਪਸ਼ੂ ਚਾਰੇ ਲਈ ਹੀ ਵਰਤਿਆ ਜਾ ਸਕਦਾ ਹੈ। ਇਸ ਕਰਕੇ ਇਹ ਭਾਰਤੀ ਬਜ਼ਾਰ ਨੂੰ ਹਿਲਾਉਣ ਵਾਲੀ ਗੱਲ ਨਹੀਂ, ਸਗੋਂ ਲੱਖਾਂ ਲੋਕਾਂ ਨੂੰ ਫ਼ਾਇਦਾ ਹੋਵੇਗਾ।

ਇਸੇ ਤਰ੍ਹਾਂ ਲਾਲ ਜਵਾਰ ਦੀ ਆਮਦ 'ਤੇ ਵੀ ਪੂਰੀ ਛੂਟ ਨਹੀਂ ਦਿੱਤੀ ਗਈ। ਸਿਰਫ਼ 30% ਡਿਊਟੀ ਛੂਟ ਹੈ ਅਤੇ ਉਹ ਵੀ non-GM ਜਵਾਰ ਲਈ, ਜੋ ਪਸ਼ੂਆਂ ਲਈ ਵਰਤਿਆ ਜਾਂਦਾ ਹੈ। ਮਾਤਰਾ ਵੀ ਨਿਯੰਤਰਿਤ ਹੋਣ ਕਾਰਨ ਕਿਸਾਨਾਂ ਨੂੰ ਕੋਈ ਵੱਡਾ ਨੁਕਸਾਨ ਨਹੀਂ ਹੋਵੇਗਾ, ਪਰ ਪੋਲਟਰੀ ਉਦਯੋਗ ਨੂੰ ਸਸਤਾ ਚਾਰਾ ਮਿਲਣ ਨਾਲ ਫ਼ਾਇਦਾ ਹੋਵੇਗਾ।

ਸਭ ਤੋਂ ਵੱਧ ਚਰਚਾ ਫਲ਼ਾਂ ਦੀ ਆਮਦ ਨੂੰ ਲੈ ਕੇ ਹੈ, ਖ਼ਾਸ ਕਰਕੇ ਸੇਬਾਂ ਬਾਰੇ। ਜੰਮੂ-ਕਸ਼ਮੀਰ, ਹਿਮਾਚਲ ਅਤੇ ਉੱਤਰ-ਪੂਰਬ ਦੇ ਸੇਬ ਉਗਾਉਣ ਵਾਲੇ ਕਿਸਾਨਾਂ 'ਚ ਡਰ ਪੈਦਾ ਕੀਤਾ ਜਾ ਰਿਹਾ ਹੈ ਕਿ ਉਹਨਾਂ ਦੀ ਫ਼ਸਲ ਸਸਤੇ ਵਿਦੇਸ਼ੀ ਸੇਬਾਂ ਨਾਲ ਮੁਕਾਬਲਾ ਨਹੀਂ ਕਰ ਸਕੇਗੀ।

ਪਰ ਇੱਥੇ ਵੀ ਸਖ਼ਤ ਨਿਯਮ ਹਨ। ਪਹਿਲੇ ਸਾਲ ਸਿਰਫ਼ 1 ਲੱਖ ਮੈਟ੍ਰਿਕ ਟਨ ਸੇਬ ਆ ਸਕਦੇ ਹਨ, ਜੋ ਤੀਜੇ ਸਾਲ ਤੋਂ 1.5 ਲੱਖ ਮੈਟ੍ਰਿਕ ਟਨ ਹੋਣਗੇ। 80 ਪ੍ਰਤੀ ਕਿੱਲੋ ਦੀ ਘੱਟੋ-ਘੱਟ ਕੀਮਤ ਤੈਅ ਕੀਤੀ ਗਈ ਹੈ ਅਤੇ 35% ਡਿਊਟੀ ਛੂਟ ਦੇ ਬਾਵਜੂਦ ਵੀ ਲੈਂਡਡ ਕੀਮਤ ?106 ਪ੍ਰਤੀ ਕਿੱਲੋ ਰਹਿੰਦੀ ਹੈ। ਕੋਟੇ ਤੋਂ ਵੱਧ ਆਮਦ 'ਤੇ 50% ਡਿਊਟੀ ਲੱਗਦੀ ਹੈ। ਇਸ ਨਾਲ ਵਿਦੇਸ਼ੀ ਸੇਬ ਬਹੁਤ ਸਸਤੇ ਨਹੀਂ ਆ ਸਕਦੇ ਅਤੇ ਦੇਸੀ ਕਿਸਾਨਾਂ ਦੀ ਕਮਾਈ ਸੁਰੱਖਿਅਤ ਰਹਿੰਦੀ ਹੈ।

ਟ੍ਰੀ ਨਟਸ—ਬਦਾਮ, ਪਿਸਤਾ, ਹੇਜ਼ਲਨਟ, ਅਖਰੋਟ ਲਈ ਵੀ ਪੂਰੀ ਛੂਟ ਨਹੀਂ ਦਿੱਤੀ ਗਈ, ਸਗੋਂ ਕੋਟਾ ਪ੍ਰਣਾਲੀ ਰਾਹੀਂ ਸੀਮਿਤ ਆਮਦ ਦੀ ਇਜਾਜ਼ਤ ਹੈ, ਜਿਸ ਨਾਲ ਦੇਸੀ ਉਤਪਾਦਕਾਂ ਨੂੰ ਬੇਹਿਸਾਬ ਮੁਕਾਬਲੇ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

ਖਾਣ ਵਾਲੇ ਤੇਲ ਦਾ ਮਾਮਲਾ ਵੀ ਕਾਫ਼ੀ ਸੰਵੇਦਨਸ਼ੀਲ ਹੈ। ਭਾਰਤ ਪਹਿਲਾਂ ਹੀ 40 ਲੱਖ ਟਨ ਸੋਇਆਬੀਨ ਤੇਲ ਬਾਹਰੋਂ ਲਿਆਉਂਦਾ ਹੈ। ਇਸ ਸਮਝੌਤੇ ਵਿੱਚ ਛੂਟ ਕੁੱਲ ਵਰਤੋਂ ਦੇ 10% ਤੋਂ ਵੀ ਘੱਟ ਹਿੱਸੇ 'ਤੇ ਹੈ ਅਤੇ ਉਹ ਵੀ ਕੋਟੇ ਵਿੱਚ। 35.75% ਡਿਊਟੀ ਅਜੇ ਵੀ ਲਾਗੂ ਹੈ, ਜੋ ਇੱਕ ਵੱਡੀ ਸੁਰੱਖਿਆ ਹੈ। ਸੋਇਆਬੀਨ ਦਾਣਾ ਵੀ ਸਿਰਫ਼ 6 ਲੱਖ ਟਨ ਤੱਕ ਹੀ ਆ ਸਕਦਾ ਹੈ, ਜਿਸ ਵਿੱਚੋਂ 1 ਲੱਖ ਟਨ non-GM ਹੈ। ਇਸ ਨਾਲ ਦੇਸੀ ਸਰ੍ਹੋਂ, ਤਿਲ, ਮੂੰਗਫਲੀ ਆਦਿ ਦੇ ਕਿਸਾਨਾਂ ਨੂੰ ਕੀਮਤਾਂ ਵਿੱਚ ਅਚਾਨਕ ਗਿਰਾਵਟ ਦਾ ਖ਼ਤਰਾ ਨਹੀਂ ਰਹਿੰਦਾ।

ਅਮਰੀਕਾ ਵੱਲੋਂ ਦਾਲਾਂ, ਚੀਨੀ ਅਤੇ ਡੇਅਰੀ ਖੇਤਰ ਵਿੱਚ ਪੂਰੀ ਛੂਟ ਦੀ ਮੰਗ ਦੇ ਬਾਵਜੂਦ ਭਾਰਤ ਨੇ ਕੋਟਾ ਪ੍ਰਣਾਲੀ ਲਾਗੂ ਕਰਕੇ ਆਪਣੇ ਕਿਸਾਨਾਂ ਦੇ ਹਿਤਾਂ ਨੂੰ ਪਹਿਲ ਦਿੱਤੀ। ਚੌਲ, ਕਣਕ, ਮੱਕੀ, ਡੇਅਰੀ ਅਤੇ ਪੋਲਟਰੀ ਵਰਗੇ ਖੇਤਰਾਂ ਨੂੰ ਆਯਾਤ ਤੋਂ ਸੁਰੱਖਿਅਤ ਰੱਖਿਆ ਗਿਆ ਹੈ। ਪੰਜਾਬ ਵਰਗੇ ਕਣਕ-ਚੌਲ ਉਤਪਾਦਕ ਸੂਬਿਆਂ ਲਈ ਕੋਈ ਖ਼ਤਰਾ ਨਹੀਂ।

ਨਾ ਤਾਂ ਫ੍ਰੋਜ਼ਨ ਸਬਜ਼ੀਆਂ 'ਤੇ ਕੋਈ ਬੇਵਜ੍ਹਾ ਛੂਟ ਦਿੱਤੀ ਗਈ ਹੈ ਅਤੇ ਨਾ ਹੀ ਡੱਬਾਬੰਦ ਸਬਜ਼ੀਆਂ ਜਾਂ ਖੀਰਾ, ਮਸ਼ਰੂਮ ਆਦਿ ਲਈ ਬਿਨਾ ਨਿਯੰਤਰਣ ਦਰਵਾਜ਼ੇ ਖੋਲ੍ਹੇ ਗਏ ਹਨ। ਦਾਲਾਂ ਅਤੇ ਹੋਰ ਖੇਤੀਬਾੜੀ ਉਤਪਾਦਾਂ ਵਿੱਚ ਵੀ ਭਾਰਤੀ ਹਿੱਤਾਂ ਨੂੰ ਪਹਿਲ ਦਿੱਤੀ ਗਈ ਹੈ। ਇਹ ਸਪਸ਼ਟ ਸੁਨੇਹਾ ਹੈ ਕਿ ਦੇਸ਼ ਦਾ ਅੰਨਦਾਤਾ ਕਿਸੇ ਵੀ ਸੌਦੇ ਦੀ ਕੁਰਬਾਨੀ ਨਹੀਂ ਬਣੇਗਾ।

ਇਹ ਧਾਰਨਾ ਵੀ ਗ.ਲਤ ਹੈ ਕਿ ਸਬਸਿਡੀ ਵਾਲੇ ਅਮਰੀਕੀ ਸਮਾਨ ਨਾਲ ਭਾਰਤੀ ਮਾਰਕੀਟ ਹਿੱਲ ਜਾਵੇਗੀ। ਅਸਲ ਵਿੱਚ ਇਹ ਆਮਦ ਸਿਰਫ਼ ਉੱਥੇ ਹੁੰਦੀ ਹੈ ਜਿੱਥੇ ਘਰੇਲੂ ਘਾਟ ਹੁੰਦੀ ਹੈ। ਹਰ ਖੇਤਰ ਵਿੱਚ ਇੱਕੋ ਨੀਤੀ ਦਿਖਾਈ ਦਿੰਦੀ ਹੈ। ਸੀਮਿਤ ਕੋਟੇ, ਹੌਲੀ-ਹੌਲੀ ਲਾਗੂ ਕਰਨਾ, non-GM ਨਿਯਮ ਅਤੇ ਸੁਰੱਖਿਅਤ ਟੈਰਿਫ਼। ਇਹ ਨਿਯੰਤਰਿਤ ਅਤੇ ਜ਼ਿੰਮੇਵਾਰ ਵਪਾਰ ਦਾ ਮਾਡਲ ਹੈ।

ਇਸ ਨਾਲ ਨਾ ਸਿਰਫ਼ ਕਿਸਾਨਾਂ ਦੀ ਸੁਰੱਖਿਆ ਹੁੰਦੀ ਹੈ, ਸਗੋਂ ਮਹਿੰਗਾਈ ਵੀ ਕਾਬੂ ਵਿੱਚ ਰਹਿੰਦੀ ਹੈ ਅਤੇ ਖਪਤਕਾਰ ਤੇ ਕਿਸਾਨ—ਦੋਵੇਂ ਦੇ ਹਿੱਤ ਇਕੱਠੇ ਸੁਰੱਖਿਅਤ ਹੁੰਦੇ ਹਨ। ਇਸ ਪ੍ਰਸੰਗ ਵਿੱਚ ਇਹ ਵੀ ਸਮਝਣ ਦੀ ਲੋੜ ਹੈ ਕਿ ਭਾਰਤ ਨੇ ਇਸ ਸਮਝੌਤੇ ਵਿੱਚ ਕਿਤੇ ਵੀ ਆਪਣੇ ਮੁੱਖ ਖੇਤੀਬਾੜੀ ਹਿੱਤਾਂ ਨਾਲ ਸਮਝੌਤਾ ਨਹੀਂ ਕੀਤਾ। ਜਿਹੜੇ ਖੇਤਰ ਸਿੱਧੇ ਤੌਰ 'ਤੇ ਕਿਸਾਨਾਂ ਦੀ ਆਮਦਨ ਨਾਲ ਜੁੜੇ ਹਨ, ਉਹਨਾਂ ਨੂੰ ਸਪਸ਼ਟ ਤੌਰ 'ਤੇ ਸੁਰੱਖਿਆ ਦਿੱਤੀ ਗਈ ਹੈ। ਅਸਲ ਵਿੱਚ ਇਹ ਸਮਝੌਤਾ ਸਿਰਫ਼ ਵਪਾਰ ਦਾ ਦਸਤਾਵੇਜ਼ ਨਹੀਂ, ਸਗੋਂ ਭਾਰਤ ਦੀ ਨਵੀਂ ਆਰਥਿਕ ਅਤੇ ਕੂਟਨੀਤਕ ਸੋਚ ਦਾ ਦਰਪਣ ਹੈ—ਜਿੱਥੇ ਦੇਸ਼ ਆਪਣੇ ਹਿੱਤਾਂ ਨੂੰ ਪਹਿਲ ਦੇਂਦਾ ਹੈ ਅਤੇ ਵਿਸ਼ਵ ਪੱਧਰ 'ਤੇ ਆਪਣੀ ਸਥਿਤੀ ਮਜ਼ਬੂਤ ਕਰਦਾ ਹੈ।

ਵਿਰੋਧੀ ਧਿਰਾਂ ਵੱਲੋਂ ਇਸ ਨੂੰ ਲੈ ਕੇ ਪੈਦਾ ਕੀਤੀ ਜਾ ਰਹੀ ਘਬਰਾਹਟ ਦਰਅਸਲ ਤੱਥਾਂ ਤੋਂ ਵੱਧ ਰਾਜਨੀਤਿਕ ਹੈ। ਕਿਸਾਨਾਂ ਦੇ ਨਾਮ 'ਤੇ ਡਰ ਪੈਦਾ ਕਰਨਾ ਆਸਾਨ ਹੁੰਦਾ ਹੈ, ਪਰ ਹਕੀਕਤ ਇਹ ਹੈ ਕਿ ਇਹ ਸਮਝੌਤਾ ਕਿਸਾਨਾਂ ਲਈ ਨਵੇਂ ਮੌਕੇ ਵੀ ਲਿਆਉਂਦਾ ਹੈ। ਜਿਵੇਂ-ਜਿਵੇਂ ਭਾਰਤੀ ਉਤਪਾਦਾਂ ਲਈ ਅੰਤਰਰਾਸ਼ਟਰੀ ਬਾਜ਼ਾਰ ਖੁੱਲ੍ਹਣਗੇ, ਉਸ ਦਾ ਸਿੱਧਾ ਲਾਭ ਖੇਤੀਬਾੜੀ ਅਤੇ ਸੰਬੰਧਿਤ ਖੇਤਰਾਂ ਨੂੰ ਮਿਲੇਗਾ। ਨਿਰਯਾਤ ਵਧੇਗਾ, ਰੋਜ਼ਗਾਰ ਦੇ ਮੌਕੇ ਵਧਣਗੇ ਅਤੇ ਪਿੰਡਾਂ ਦੀ ਆਰਥਿਕਤਾ ਹੋਰ ਮਜ਼ਬੂਤ ਹੋਵੇਗੀ। ਅੱਜ ਦਾ ਭਾਰਤ 1990 ਦੇ ਦਹਾਕੇ ਵਾਲਾ ਕਮਜ਼ੋਰ ਭਾਰਤ ਨਹੀਂ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਨੇ ਆਪਣੀ ਅੰਤਰਰਾਸ਼ਟਰੀ ਛਵੀ ਮਜ਼ਬੂਤ ਕੀਤੀ ਹੈ। ਅੱਜ ਭਾਰਤ ਨਾ ਦਬਾਅ ਵਿੱਚ ਫ਼ੈਸਲੇ ਲੈਂਦਾ ਹੈ ਅਤੇ ਨਾ ਹੀ ਕਿਸੇ ਦੇ ਸਾਹਮਣੇ ਝੁਕਦਾ ਹੈ, ਸਗੋਂ ਵਿਸ਼ਵ ਪੱਧਰ 'ਤੇ ਬਰਾਬਰੀ ਨਾਲ ਗੱਲ ਕਰਦਾ ਹੈ।

ਅਮਰੀਕਾ ਲਈ ਭਾਰਤ ਇੰਡੋ-ਪੈਸੀਫਿਕ ਰਣਨੀਤੀ ਵਿੱਚ ਇੱਕ ਮਹੱਤਵਪੂਰਨ ਸਾਥੀ ਹੈ, ਜਦਕਿ ਭਾਰਤ ਲਈ ਅਮਰੀਕਾ ਵੱਡਾ ਬਾਜ਼ਾਰ ਅਤੇ ਤਕਨੀਕੀ ਸਹਿਯੋਗ ਦਾ ਕੇਂਦਰ ਹੈ। ਇਸ ਲਈ ਇਹ ਸਮਝੌਤਾ ਦੋਹਾਂ ਦੀ ਲੋੜ ਦਾ ਨਤੀਜਾ ਹੈ।

ਇਹ ਸਮਝੌਤਾ ਦਿਖਾਉਂਦਾ ਹੈ ਕਿ ਨਵਾਂ ਭਾਰਤ ਨਾ ਡਰਦਾ ਹੈ, ਨਾ ਝੁਕਦਾ ਹੈ—ਸਗੋਂ ਸੋਚ-ਸਮਝ ਕੇ ਅੱਗੇ ਵੱਧਦਾ ਹੈ ਅਤੇ ਦੁਨੀਆ ਨੂੰ ਆਪਣੇ ਨਾਲ ਲੈ ਕੇ ਚਲਦਾ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ, ਪੰਜਾਬ ਭਾਜਪਾ, ਮੋਬਾਇਲ: 9781355522**

# 28 ਮਾਰਚ ਦੀ ਬਾਘਾਂ ਬਾਰਡਰ ਰੈਲੀ ਇਤਿਹਾਸਿਕ ਹੋਵੇਗੀ : ਕਾਲਾਬੂਲਾ, ਪੇਧਨੀ, ਬਾਦਸ਼ਾਹਪੁਰ, ਦੁੱਲਵਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ,ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ 28 ਮਾਰਚ ਨੂੰ ਬਾਘਾਂ ਬਾਰਡਰ ਖੁਲਵਾਉਣ ਦੀ ਮੰਗ ਨੂੰ ਲੈ ਕੀਤੀ ਜਾ ਰਹੀ ਰੈਲੀ 'ਚ ਪੰਜਾਬ ਦੇ ਨੌਜਵਾਨ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ, ਸਾਧੂ ਸਿੰਘ ਪੇਧਨੀ, ਅਮਰਜੀਤ ਸਿੰਘ ਬਾਦਸ਼ਾਹਪੁਰ ਅਤੇ ਗੁਰਪ੍ਰੀਤ ਸਿੰਘ ਦੁੱਲਵਾਂ ਨੇ ਕੀਤਾ। ਆਗੂਆਂ ਨੇ ਕਿਹਾ ਕਿ ਵਾਹਗਾ ਬਾਰਡਰ ਤੇ ਕੀਤੀ ਜਾ ਰਹੀ ਰੈਲੀ ਇਤਿਹਾਸਿਕ ਹੋਵੇਗੀ, ਵਾਹਗਾ ਬਾਰਡਰ ਖੁੱਲਣ ਨਾਲ ਕਿਸਾਨਾਂ, ਮਜਦੂਰਾਂ, ਵਪਾਰੀਆਂ ਸਮੇਤ ਸਾਰੇ ਵਰਗਾਂ ਨੂੰ ਵੱਡਾ ਲਾਹਾ ਮਿਲੇਗਾ ਅਤੇ ਸੰਗਤਾਂ ਵੱਖ ਵੱਖ ਦੇਸਾਂ ਵਿੱਚ ਸੰਸੋਬਿਤ ਗੁਰਧਾਮਾਂ ਦੇ ਦਰਸਨ ਦੀਦਾਰੇ ਵੀ ਕਰ ਸਕਣੀਆਂ। ਆਗੂਆ ਨੇ ਕਿਹਾ ਕਿ ਚੋਣ ਵਰੇ ਜਿੱਥੇ ਅੱਜ ਸਾਰੀਆਂ ਰਾਜਸੀ ਪਾਰਟੀਆਂ ਆਪਣੇ ਹਿੱਤਾਂ ਦੀ ਖਾਤਿਰ ਰੈਲੀਆਂ ਮੁਜਾਹਰੇ ਕਰ ਰਹੀਆਂ ਹਨ,ਉੱਥੇ ਅਕਾਲੀ ਦਲ (ਅ) ਪਾਰਟੀ ਹੀ ਪੰਥ, ਪੰਜਾਬ, ਕਿਸਾਨਾਂ,ਮਜਦੂਰਾਂ, ਵਪਾਰੀਆਂ ਤੇ ਸਾਰੇ ਵਰਗਾਂ ਦੀ ਗੱਲ ਕਰ ਰਹੀ ਹੈ । ਆਗੂਆਂ ਨੇ ਕਿਹਾ ਕਿ ਜਿਸ ਤਰਾਂ ਭਾਰਤ ਨੇਪਾਲ ਦਰਮਿਆਨ ਵਪਾਰ ਤੇ ਆਵਾਜਈ ਲਈ ਸਰਹੱਦ ਖੁੱਲਦੀ ਹੈ ਉਸ ਤਰਾਂ ਅਟਾਰੀ ਵਾਹਗਾ ਸਰਹੱਦ ਵੀ ਖੁੱਲਣੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਹਿਬ ਸ਼੍ਰੀ ਗੁਰੂ ਗੋਬਿੰਦ ਸਾਹਿਬ ਇੰਟਰਨੈਸ਼ਨਲ ਪਬਲਿਕ ਸਕੂਲ ਚੂੰਗ ਸਲਾਨਾ ਨਤੀਜ਼ਾ 100% : ਡਾਇਰੈਕਟਰ ਤੇਜਬੀਰ ਸਿੰਘ ਸੋਹਲ



**ਚੌਕ ਮਹਿਤਾ, 24 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਸੀ ਬੀ ਐਸ ਈ ਦੀ ਸੰਸਥਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ, ਚੂੰਘ ਵਿੱਚ ਸੈਸ਼ਨ 2025-26 ਦਾ ਸਾਲਾਨਾ ਨਤੀਜਾ ਐਲਾਨਿਆ ਗਿਆ ਹੈ। ਸੰਸਥਾ ਦੇ ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਮਾਪਿਆਂ ਨੂੰ ਜੀ ਆਇਆਂ ਆਖਿਆ ਅਤੇ ਓਹਨਾ ਦੇ ਸਕੂਲ ਆਉਣ ਤੇ ਧੰਨਵਾਦ ਕੀਤਾ। ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਜਸਪ੍ਰੀਤ ਕੌਰ ਸੋਹਲ ਅਤੇ ਪ੍ਰਿੰਸੀਪਲ ਮਨਪ੍ਰੀਤ ਕੌਰ ਛੀਨਾ ਨੇ ਨਰਸਰੀ ਤੋਂ ਗਿਆਰਵੀ ਜਮਾਤ ਤੱਕ ਦੇ ਪਹਿਲੇ ਤਿੰਨ ਦਰਜਿਆਂ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਵਜੋਂ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇਸ ਸ਼ੈਸ਼ਨ ਵਿੱਚ ਅਲੱਗ ਅਲੱਗ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਡਾਇਰੈਕਟਰ ਤੇਜਬੀਰ ਸਿੰਘ ਸੋਹਲ ਨੇ ਸਕੂਲ ਦੇ 100% ਨਤੀਜੇ ਆਉਣ ਤੇ ਪੂਰੇ ਸਟਾਫ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਸਟਾਫ ਨੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਇਸ ਸੈਸ਼ਨ ਦੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਵਿਦਿਆਰਥੀ, ਮਾਤਾ ਪਿਤਾ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਦੀ ਰਹਿਨੁਮਾਈ ਹੇਠ ਲੋਕਾਂ ਨੂੰ ਟੀ.ਬੀ ਬਾਰੇ ਜਾਗਰੂਕ ਕਰਨ ਲਈ

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਮਨਾਇਆ ਵਿਸ਼ਵ ਟੀ. ਬੀ. ਦਿਵਸ

ਤਲਵੰਡੀ ਸਾਬੋ, 24 ਮਾਰਚ (ਗੁਰਜੰਟ ਸਿੰਘ ਨਥੇਹਾ)- ਅੱਜ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਵਿਸ਼ਵ ਟੀ.ਬੀ ਦਿਵਸ ਮਨਾਇਆ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਦੀ ਰਹਿਨੁਮਾਈ ਹੇਠ ਲੋਕਾਂ ਨੂੰ ਟੀ.ਬੀ ਬਾਰੇ ਜਾਗਰੂਕ ਕੀਤਾ ਗਿਆ। ਮੈਡੀਕਲ ਅਫਸਰ ਡਾ. ਅਮਨਪ੍ਰੀਤ ਸਿੰਘ ਸੇਠੀ ਵੱਲੋਂ ਓ.ਪੀ.ਡੀ ਵਿੱਚ ਆਏ ਮਰੀਜ਼ਾਂ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਟੀ.ਬੀ ਦੇ ਲੱਛਣਾਂ, ਇਲਾਜ ਅਤੇ ਬਚਾਅ ਸੰਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਟੀ.ਬੀ ਇੱਕ ਸੰਕਰਾਮਕ ਬੀਮਾਰੀ ਹੈ, ਪਰ ਸਮੇਂ 'ਤੇ ਪਛਾਣ ਅਤੇ ਪੂਰਾ ਇਲਾਜ ਕਰਨ ਨਾਲ ਇਸ ਨੂੰ ਪੂਰੀ ਤਰ੍ਹਾਂ ਠੀਕ ਕੀਤਾ ਜਾ ਸਕਦਾ ਹੈ। ਇਸ ਮੌਕੇ 'ਤੇ ਸੀ.ਐਚ.ਓ ਰਮਨਦੀਪ ਕੌਰ, ਮਲਟੀਪਰਪਜ਼ ਹੈਲਥ ਵਰਕਰ ਭਾਵਨਾ ਅਤੇ ਪਰਮਜੀਤ ਕੌਰ ਵੀ ਮੌਜੂਦ ਰਹੇ ਅਤੇ ਉਨ੍ਹਾਂ ਵੱਲੋਂ ਵੀ ਲੋਕਾਂ ਨੂੰ ਜਾਗਰੂਕ ਕਰਨ ਵਿੱਚ ਆਪਣਾ ਯੋਗਦਾਨ ਪਾਇਆ ਗਿਆ। ਅੰਤ ਵਿੱਚ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਟੀ.ਬੀ ਦੇ ਲੱਛਣ ਦਿਖਾਈ ਦੇਣ 'ਤੇ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ ਅਤੇ ਇਲਾਜ ਨੂੰ ਅਧੂਰਾ ਨਾ ਛੱਡਿਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV



### ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਵਿਖੇ

# ਜਲ ਮਹਾਂਉਤਸਵ ਮਨਾਇਆ




**ਤਲਵੰਡੀ ਸਾਬੋ, 24 ਮਾਰਚ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਐਨਐਸਐਸ ਯੂਨਿਟ ਵੱਲੋਂ ਜਲ ਜੀਵਨ ਮਿਸ਼ਨ ਅਧੀਨ ਜਲ ਮਹਾਂ ਉਤਸਵ ਮਨਾਇਆ ਗਿਆ। ਇਸ ਦੌਰਾਨ ਡਾ. ਸੰਦੀਪ ਰਾਣਾ ਮੁਖੀ ਭਾਸ਼ਾਵਾਂ ਵਿਭਾਗ ਅਤੇ ਡਾ. ਬਲਦੇਵ ਸਿੰਘ ਮੁਖੀ ਸੋਸ਼ਲ ਸਾਇੰਸਜ਼ ਵਿਭਾਗ ਨੇ ਵਿਦਿਆਰਥੀਆਂ ਨੂੰ ਜਲ ਦੀ ਮਹੱਤਤਾ ਬਾਰੇ ਦੱਸਿਆ। ਇਸ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਵਿਸ਼ੇਸ਼ ਸਥਾਨ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਭਾਗਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਐਨਐਸਐਸ ਯੂਨਿਟ ਦੇ ਕੋਆਰਡੀਨੇਟਰ ਡਾ. ਸੁਨੀਤਾ ਰਾਣੀ ਦੀ ਯੋਗ ਅਗਵਾਈ ਹੇਠ ਇੱਕ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਵਧ ਚੜ ਕੇ ਹਿੱਸਾ ਲਿਆ। ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਇਸ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਅਜਿਹੀਆਂ ਗਤੀਵਿਧੀਆਂ ਕਰਵਾਉਂਦੇ ਰਹਿਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਅਧਿਆਪਕ ਸਾਹਿਬਾਨ, ਸਮੁੱਚੀ ਐਨਐਸਐਸ ਟੀਮ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ।




### ਉਲਾਸ ਪ੍ਰੋਗਰਾਮ ਤਹਿਤ ਲਿਖਤੀ ਪ੍ਰੀਖਿਆ

# ਜ਼ਿਲਾ ਫਿਰੋਜਪੁਰ ਵਿੱਚ ਸਫਲਤਾ ਪੂਰਵਕ ਸਮਾਪਤ

ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਉਲਾਸ ਪ੍ਰੋਜੈਕਟ ਅਧੀਨ ਸੈਸ਼ਨ 2025—26 ਦੀ ਦੂਜੇ ਗੇੜ ਦੀ ਪ੍ਰੀਖਿਆ ਦਾ ਆਯੋਜਨ ਫ਼ਿਰੋਜ਼ਪੁਰ ਵਿਖੇ 22 ਮਾਰਚ ਨੂੰ ਕੀਤਾ ਗਿਆ। ਪ੍ਰੀਖਿਆ ਦੀ ਸਫਲਤਾ ਲਈ ਚਲਾਈ ਇਸ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਡਾਇਟ ਪ੍ਰਿੰਸੀਪਲ ਸ੍ਰੀਮਤੀ ਸੀਮਾ ਨੇ ਦੱਸਿਆ ਕਿ ਇਸ ਮੁਹਿਮ ਵਿੱਚ ਸਾਰੇ ਡੀਐਲਐਡ ਵਿਦਿਆਰਥੀ ਵਲੰਟੀਅਰ ਦੀ ਭੂਮਿਕਾ ਨਿਭਾ ਰਹੇ ਹਨ ਅਤੇ ਸਾਲ 2026 ਵਿੱਚ ਵਲੰਟੀਅਰ ਦੁਆਰਾ ਲਗਭਗ 7200 ਗੈਰ ਸਿੱਖਿਅਕ ਰਜਿਸਟਰ ਕੀਤੇ ਗਏ ਅਤੇ ਉਨ੍ਹਾਂ ਦੀ ਲਿਖਤੀ ਪ੍ਰੀਖਿਆ ਲਈ ਗਈ। ਇਸ ਪ੍ਰੋਜੈਕਟ ਦੇ ਨੋਡਲ ਇਨਚਾਰਜ ਸ਼੍ਰੀਮਤੀ ਆਰਤੀ ਸਚਦੇਵਾ ਨੇ ਕਿਹਾ ਕਿ ਇਸ ਪ੍ਰੋਜੈਕਟ ਦਾ ਮੂਲ ਉਦੇਸ਼ ਵੱਖ—ਵੱਖ ਕਾਰਨਾਂ ਕਰਕੇ ਮੁਢਲੀ ਸਿੱਖਿਆ ਹਾਸਲ ਨਾ ਕਰ ਸਕੇ ਵਿਅਕਤੀਆਂ ਨੂੰ ਗਿਆਨ ਦੇਣਾ ਹੈ ਤਾਂ ਜੋ ਉਹ ਆਪਣੀ ਰੋਜ਼ ਮਰਾ ਦੀ ਜ਼ਿੰਦਗੀ ਨੂੰ ਸੁਰੱਖਿਤ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਨ੍ਹਾਂ ਯਤਨਾ ਸਦਕਾ ਲੋਕਾਂ ਨੂੰ ਸਿੱਖਿਅਕ ਕਰਕੇ ਸਮਾਜ ਦਾ ਵਿਕਾਸ ਕੀਤਾ ਜਾ ਸਕਦਾ ਹੈ। ਇਸ ਪ੍ਰੀਖਿਆ ਨੂੰ ਨੇਪਰੇ ਚਾੜਨ ਲਈ ਡਾਇਟ ਸਟਾਫ ਦੀਆਂ ਵੱਖ—ਵੱਖ ਪੱਧਰਾਂ ਤੇ ਜਿੰਮੇਵਾਰੀਆਂ ਲਾਈਆਂ ਗਈਆਂ ਹਨ ਤਾਂ ਜੋ ਕੋਈ ਵੀ ਗੈਰ ਸਿੱਖਿਅਕ ਵਿਅਕਤੀ ਪ੍ਰੀਖਿਆ ਦੇਣ ਤੋਂ ਵਾਂਝਾ ਨਾ ਰਹੇ। ਸ਼੍ਰੀਮਤੀ ਸੀਮਾ ਨੇ ਦੱਸਿਆ ਕਿ ਗੈਰ ਸਾਖਰਾਂ ਨੂੰ ਸਿੱਖਿਅਕ ਕਰਨ ਲਈ ਡੀਐਲਐਡ ਵਿਦਿਆਰਥੀਆਂ ਦੁਆਰਾ ਸਰਵੇ ਕਰਕੇ ਪਹਿਲਾਂ ਗੈਰ ਸਾਖਰ ਰਜਿਸਟਰ ਕੀਤੇ ਜਾਂਦੇ ਹਨ ਅਤੇ ਫੇਰ ਛੁੱਟੀ ਵਾਲੇ ਦਿਨ ਉਨ੍ਹਾਂ ਦੀ ਸੁਵਿਧਾ ਅਨੁਸਾਰ ਉਨਾਂ ਨੂੰ ਸਾਖਰਤਾ ਕੇਂਦਰਾਂ ਵਿੱਚ ਪੜ੍ਹਾਇਆ ਜਾਂਦਾ ਹੈ ਅਤੇ ਲਗਭਗ ਛੇ ਮਹੀਨੇ ਬਾਅਦ ਉਨ੍ਹਾਂ ਦਾ ਇਮਤਿਹਾਨ ਲਿਆ ਜਾਂਦਾ ਹੈ, ਜਿਸ ਵਿਚ ਪਾਸ ਹੋਣ ਉਪਰੰਤ ਮਾਰਕ ਸ਼ੀਟ ਕੰਮ ਸਰਟੀਫਿਕੇਟ ਦਿੱਤੇ ਜਾਂਦੇ ਹਨ। ਪ੍ਰਬੰਧਕਾਂ ਨੇ ਦੱਸਿਆ ਕਿ ਪੜ੍ਹਨ ਲਈ ਸਾਰੀ ਸਹਾਇਕ ਸਮਗਰੀ ਡਾਇਟਾਂ ਦੁਆਰਾ ਦਿੱਤੀ ਜਾਂਦੀ ਹੈ। ਡਾਇਟ ਫਿਰੋਜ਼ਪੁਰ ਵਿਖੇ ਇਸ ਮੁਹਿੰਮ ਨੂੰ ਨੇਪਰੇ ਚਾੜਨ ਲਈ ਡਾਇਟ ਸਟਾਫ ਸ਼੍ਰੀਮਤੀ ਸੁਮਨ ਕੁਮਾਰੀ, ਸ਼੍ਰੀਮਤੀ ਪਰਮਜੀਤ ਕੌਰ, ਗਗਨਦੀਪ ਗਖੜ, ਗੌਰਵ ਤ੍ਰਿਖਾ, ਡਾਕਟਰ ਹਰਿੰਦਰ ਸਿੰਘ ਦਾ ਭਰਪੂਰ ਯੋਗਦਾਨ ਰਿਹਾ।



## ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਸ਼ਹੀਦਾਂ ਨੂੰ ਦਿੱਤੀਆਂ ਸ਼ਰਧਾਂਜਲੀਆਂ



**ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ)** :—ਅੱਜ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਵੱਲੋਂ ਲੋਕਲ ਟਾਊਨ ਹਾਲ ਵਿਖੇ ਡਾਕਟਰ ਦੀਵਾਨ ਚੰਦ ਸੁਖੀਜਾ ਚੇਅਰਮੈਨ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਜਾਬਾਜ ਕੌਮ ਦੇ ਹੀਰੋ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਪਰਵੀਨ ਧਵਨ ਜਨਰਲ ਸਕੱਤਰ ਨੇ ਇਨ੍ਹਾਂ ਤਿੰਨਾਂ ਕੌਮ ਦੇ ਹੀਰਿਆਂ ਵੱਲੋਂ ਆਜਾਦੀ ਦੀ ਲੜਾਈ ਵਿਚ ਕੀਤੇ ਗਏ ਯੋਗਦਾਨ ਦੀ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਅੰਗਰੇਜੀ ਹਕੂਮਤ ਵੱਲੋਂ ਇਨ੍ਹਾਂ ਤਿੰਨਾਂ ਨੂੰ ਗੈਰ ਮਨੁੱਖੀ ਢੰਗ ਨਾਲ ਮਿਤੀ 23.03.31 ਨੂੰ ਤਸੀਹੇ ਦੇਣ ਸਮੇਂ ਤੋਂ ਪਹਿਲਾਂ ਫਾਂਸੀ ਦਿੱਤੀ ਗਈ, ਜਿਸ ਦੀ ਘੋਰ ਨਿੰਦਾ ਕੀਤੀ ਗਈ। ਇਸ ਮੌਕੇ ਰਮੇਸ਼ ਚੰਦਰ ਬਜਾਜ ਜਨਰਲ ਸਕੱਤਰ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਸ਼ਹਿਰ ਦੇ ਤੂੜੀ ਬਜ਼ਾਰ ਵਿਖੇ ਸਥਿਤ ਭਗਤ ਸਿੰਘ ਦੇ ਜੱਦੀ ਮਕਾਨ ਨੂੰ ਪੁਰਾਤਤਵ ਵਿਭਾਗ ਦੀ ਦੇਖ—ਰੇਖ ਹੇਠ ਆਪਣੀ ਨਿਗਰਾਨੀ ਹੇਠ ਮਿਊਜਿਅਮ ਬਣਾਇਆ ਜਾਵੇ ਅਤੇ ਲਾਇਬਰੇਰੀ ਦੀ ਵੀ ਸਥਾਪਨਾ ਕੀਤੀ ਜਾਵੇ ਤਾਂ ਜ਼ੋ ਨਵੀਂ ਪੀੜ੍ਹੀ ਪ੍ਰੇਰਿਤ ਹੋ ਸਕੇ। ਇਸ ਮੌਕੇ ਦੇਸ ਰਾਜ ਸ਼ਰਮਾ, ਅਬਨਾਸ ਸਿੰਘ ਤਲਵਾੜ, ਕੇ.ਐਲ ਗੁਲਾਟੀ, ਸ਼ਾਮ ਬਿਹਾਰੀ ਲਾਲ ਜਾਇਸਵਾਲ, ਪੁਸ਼ਪਲਤਾ ਗਿਲਹੋਤਰਾ, ਸਤਪਾਲ ਖੁਰਾਣਾ, ਰਾਮ ਕਿਸ਼ੋਰ ਵਧਵਾ ਕੋਆਰਡੀਨੇਟਰ, ਸਰਵ ਹਿਤੈਸ਼ੀ ਭਾਟਿਆ ਆਦਿ ਹਾਜ਼ਰ ਸਨ।

## ਗੁਰਮਤਿ ਪ੍ਰਚਾਰ ਜਥਾ ਮੱਲਾਂਵਾਲਾ ਨੇ ਕਰਵਾਏ ਸਮਾਗਮ ਤੇ ਬੱਚਿਆਂ ਦੀ ਕਰਵਾਈ ਗੁਰਬਾਣੀ ਸੰਧਿਆ



ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਪਿੰਡ ਰੋਡੇ ਵਾਲਾ ਵਿਖੇ ਗੁਰਮਤਿ ਪ੍ਰਚਾਰ ਜੱਥਾ ਮੱਲਾਂਵਾਲਾ ਅਤੇ ਸ੍ਰੀ ਸਹਿਜ ਪਾਠ ਸੇਵਾ ਸੰਸਥਾ ਦੇ ਸਹਿਯੋਗ ਸਦਕਾ 7 ਦਿਨਾਂ ਦਾ ਗੁਰਮਤਿ ਕੈਂਪ ਲਗਾਇਆ ਗਿਆ ਜਿਸ ਵਿਚ ਬੱਚਿਆਂ ਨੂੰ ਗੁਰ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ ਅਤੇ ਗੁਰਬਾਣੀ ਸੰਧਿਆ ਕਰਵਾਈ ਗਈ। ਇਸ ਮੌਕੇ ਮਿਤੀ 21 ਮਾਰਚ ਨੂੰ ਗੁਰ ਇਤਿਹਾਸ ਦਾ ਪੇਪਰ ਲਿਆ ਗਿਆ, ਜਿਸ ਦਾ ਨਤੀਜਾ 22 ਮਾਰਚ ਨੂੰ ਕੱਢਿਆ ਗਿਆ ਅਤੇ ਇਸ ਇਮਤਿਹਾਨ ਵਿਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਗੁਰਮਤਿ ਪ੍ਰਚਾਰ ਜੱਥਾ ਮੱਲਾਂਵਾਲਾ ਵੱਲੋਂ ਸ਼ੀਲਡ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਬਾਕੀ ਸਾਰੇ ਬੱਚਿਆਂ ਨੂੰ ਪੁਸਤਕਾਂ ਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 6 ਬੱਚੇ ਅੰਮ੍ਰਿਤ ਪਾਨ ਕਰਨ ਵਾਸਤੇ ਤਿਆਰ ਹੋਏ, ਬਾਕੀ ਬੱਚਿਆਂ ਨੇ ਕੇਸ ਰੱਖਣ ਦਾ ਪ੍ਰਣ ਕੀਤਾ। ਬਾਬਾ ਬਲਕਾਰ ਸਿੰਘ ਜੀ ਸੰਚਾਲਕ ਗੁਰਮਤਿ ਪ੍ਰਚਾਰ ਜੱਥਾ ਅਤੇ ਭਾਈ ਬਲਵਿੰਦਰ ਸਿੰਘ ਸ੍ਰੀ ਸਹਿਜ ਪਾਠ ਸੇਵਾ ਅਤੇ ਗ੍ਰੰਥੀ ਭਾਈ ਮੰਗਲ ਸਿੰਘ ਜੀ ਸਮੂਹ ਪੰਚਾਇਤ ਪਿੰਡ ਰੋਡੇ ਵਾਲਾ ਸਦਕਾ ਕੈਂਪ ਸਫਲ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਰੋਟਰੀ ਕਲੱਬ ਨੇ ਲਗਾਇਆ ਸਿਹਤ ਜਾਂਚ ਕੈਂਪ

ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਮੌਸਮੀ ਬਿਮਾਰੀਆਂ ਤੋਂ ਬਚਾਓ ਅਤੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਮਨੋਰਥ ਨਾਲ ਰੋਟਰੀ ਕਲੱਬ ਫ਼ਿਰੋਜ਼ਪੁਰ ਵੱਲੋਂ ਇਕ ਸਿਹਤ ਜਾਂਚ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰੋਜੈਕਟਰ ਚੇਅਰਮੈਨ ਡਾਕਟਰ ਸੁਰਿੰਦਰ ਸਿੰਘ ਕਪੂਰ ਨੇ ਦੱਸਿਆ ਕਿ ਇਸ ਸਿਹਤ ਜਾਂਚ ਕੈਂਪ ਦਾ ਮੁੱਖ ਉਦੇਸ਼ ਲੋਕਾਂ ਨੂੰ ਆਉਣ ਵਾਲੀਆਂ ਬਿਮਾਰੀਆਂ ਤੋਂ ਜਾਗਰੂਕ ਕਰਨਾ ਅਤੇ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਬੀਮਾਰੀ ਦੇ ਲੱਛਣਾਂ ਦੇ ਸ਼ੁਰੂਆਤੀ ਪੜਾਅ ਵਿੱਚ ਸਿਹਤ ਦੀ ਜਾਂਚ ਕਰਵਾਉਣ ਨਾਲ ਬਿਮਾਰੀ ਦਾ ਇਲਾਜ ਤੇਜ਼ੀ ਨਾਲ ਕੀਤਾ ਜਾ ਸਕਦਾ ਹੈ। ਇਸੇ ਉਦੇਸ਼ ਤਹਿਤ ਅੱਜ ਰੋਟਰੀ ਕਲੱਬ ਫਿਰੋਜਪੁਰ ਨੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਇਕ ਵਿਸ਼ੇਸ਼ ਕੈਂਪ ਪ੍ਰਧਾਨ ਕਿਰਪਾਲ ਸਿੰਘ ਮਕੜ ਦੀ ਅਗਵਾਈ ਹੇਠ ਡਾਕਟਰ ਕਮਲ ਬਾਗ਼ੀ ਪਾਰਕ ਚੌਕ ਨਾਮਦੇਵ ਵਿਖੇ ਚੋਪੜਾ ਪਥ ਲੈਬ ਦੀ ਨਿਗਰਾਨੀ ਹੇਠ ਲਗਵਾਇਆ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਲਗਭਗ 58 ਲੋਕਾਂ ਦੇ ਮੁੱਖ ਸਤ ਤਰ੍ਹਾਂ ਦੇ ਬਲੱਡ ਟੈਸਟ ਕੀਤੇ ਗਏ। ਪ੍ਰੋਜੈਕਟ ਚੇਅਰਮੈਨ ਡਾਕਟਰ ਸੁਰਿੰਦਰ ਸਿੰਘ ਕਪੂਰ ਨੇ ਆਏ ਹੋਏ ਲੋਕਾਂ ਨੂੰ ਸਿਹਤ ਸਬੰਧੀ ਜਾਗਰੂਕ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਕੈਸ਼ੀਅਰ ਦਿਨੇਸ਼ ਕਟਾਰੀਆ, ਸਕੱਤਰ ਸੰਦੀਪ ਸਿੰਗਲਾਂ, ਪਰਦੀਪ ਬਿੰਦਰਾ, ਰਕੇਸ਼ ਚਾਵਲਾ, ਅਜੈ ਬਜਾਜ ਹਾਜ਼ਰ ਸਨ।



ਖ਼ਾਲਸਾ ਸਰਕਾਰ ਦੇ ਸੰਸਥਾਪਕ ਸ਼ੇਰ-ਏ-ਪੰਜਾਬ ਨੂੰ ਰਾਜ-ਤਿਲਕ ਦੇਣ ਵਾਲੀ ਉੱਘੀ ਹਸਤੀ

# ਬਾਬਾ ਸਾਹਿਬ ਸਿੰਘ ਬੇਦੀ ਨੂੰ ਯਾਦ ਕਰਦਿਆਂ




ਅੰਗ੍ਰੇਜ਼ਾਂ ਵੱਲੋਂ ਬੰਬਾਂ ਨਾਲ ਤਬਾਹ ਕੀਤੇ ਗਏ ਪੁਰਾਣੇ ਕਿਲ੍ਹੇ ਦੇ ਅਵਸ਼ੇਸ਼




ਬਾਬਾ ਸਾਹਿਬ ਸਿੰਘ ਜੀ ਬੇਦੀ (11ਵੇਂ ਵੰਸ਼ਜ ਗੁਰੂ ਨਾਨਕ ਦੇਵ ਜੀ) ਅਤੇ ਬਾਬਾ ਸਰਬਜੋਤ ਸਿੰਘ ਜੀ ਬੇਦੀ (17ਵੇਂ ਵੰਸ਼ਜ ਗੁਰੂ ਨਾਨਕ ਦੇਵ ਜੀ ਅਤੇ ਵਰਤਮਾਨ ਗੱਦੀਨਸ਼ੀਨ)

**26, 27, 28 ਮਾਰਚ ਲਈ ਵਿਸ਼ੇਸ਼**

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



**ਇਤਿਹਾਸਕ** ਜ਼ਿਕਰ ਮਿਲਦਾ ਹੈ ਕਿ ਜਦੋਂ ਸ਼ੁਕਰਚਕੀਆ ਮਿਸਲ ਦੇ ਮੁਖੀ ਸਰਦਾਰ ਮਹਾਂਸਿੰਘ ਦਾ ਅਕਾਲ ਚਲਾਣਾ ਹੁੰਦਾ ਹੈ ਤਾਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਕੇਵਲ ਗਿਆਰਾਂ ਕੁ ਵਰ੍ਹਿਆਂ ਦੇ ਸਨ । ਸ। ਮਹਾਂਸਿੰਘ ਦੇ ਧਰਮ ਸੁਪਤਨੀ ਬੀਬੀ ਰਾਜ ਕੌਰ ਨੂੰ ਆਪਣੇ ਪਤੀ ਦੀ ਮੌਤ ਦੇ ਗ਼ਮ ਨਾਲੋਂ ਵੱਧ ਦੁੱਖ ਇਸ ਗੱਲ ਦਾ ਸੀ ਕਿ ਮੇਰਾ ਸਪੁੱਤਰ ਰਣਜੀਤ ਸਿੰਘ ਬਹੁਤ ਛੋਟੀ ਅਵਸਥਾ ਵਿੱਚ ਹੈ, ਉਹ ਮਿਸਲ ਨੂੰ ਕਿਵੇਂ ਸੰਭਾਲੇਗਾ । ਇਸ ਪੀੜ ਨੂੰ ਸੀਨੇ ਵਿੱਚ ਲੈ ਕੇ ਬੀਬੀ ਰਾਜ ਕੌਰ ਜਗਤ-ਗੁਰੂ ਧੰਨ ਗੁਰੂ ਨਾਨਕ ਦੇਵ ਜੀ ਦੀ ਅੰਸ਼-ਵੰਸ਼ ਬਾਬਾ ਸਾਹਿਬ ਸਿੰਘ ਬੇਦੀ ਪਾਸ ਊਨਾ ਸ਼ਹਿਰ (ਜੋ ਇਸ ਵਕਤ ਹਿਮਾਚਲ ਪ੍ਰਦੇਸ਼ ਦਾ ਜ਼ਿਲ੍ਹਾ ਹੈਡਕਵਾਟਰ ਹੈ) ਪੁੱਜੀ । ਬਾਬਾ ਸਾਹਿਬ ਸਿੰਘ ਬੇਦੀ ਗੁਰੂ ਨਾਨਕ ਸਾਹਿਬ ਜੀ ਦੀ 11ਵੀਂ ਅੰਸ਼-ਵੰਸ਼ ਸਨ, ਜਿਨ੍ਹਾਂ ਦਾ ਸਤਿਕਾਰ ਉਸ ਸਮੇਂ ਦਾ ਹਰ ਸਿੱਖ ਕਰਦਾ ਸੀ । ਸਾਰੀਆਂ ਰਿਆਸਤਾਂ ਦੇ ਰਾਜੇ-ਮਹਾਰਾਜੇ ਅਤੇ ਸਿੱਖ ਮਿਸਲਾਂ ਦੇ ਸਰਦਾਰ ਉਨ੍ਹਾਂ ਦੇ ਬਚਨਾਂ ਨੂੰ ਰੱਬੀ-ਫੁਰਮਾਨ ਹੀ ਮੰਨਦੇ ਸਨ । ਜਦੋਂ ਬੀਬੀ ਰਾਜ ਕੌਰ ਨੇ ਆਪਣਾ ਦੁੱਖੜਾ ਬਿਆਨ ਕੀਤਾ ਤਾਂ ਬਾਬਾ ਸਾਹਿਬ ਸਿੰਘ ਬੇਦੀ ਨੇ ਲਾਹੌਰ ਦਰਬਾਰ ਆਉਣਾ ਪ੍ਰਵਾਨ ਕਰ ਲਿਆ । ਸਰਦਾਰ ਮਹਾਂਸਿੰਘ ਨਮਿੱਤ ਰੱਖੇ ਗਏ ਪਾਠ ਦੇ ਭੋਗ ਉਪਰੰਤ ਅਰਦਾਸ ਤੋਂ ਪਿੱਛੋਂ ਸਾਰੀਆਂ ਮਿਸਲਾਂ ਦੇ ਸਰਦਾਰਾਂ ਦੀ ਹਾਜ਼ਰੀ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਨੂੰ ਸਰਕਾਰ-ਏ-ਖ਼ਾਲਸਾ ਦਾ ਰਾਜ-ਤਿਲਕ ਦਿੱਤਾ ਸੀ । ਇਹ ਕੇਵਲ ਰਸਮ ਹੀ ਨਹੀਂ ਸੀ, ਸਗੋਂ ਇਸ ਦੇ ਵਿਰੋਧ ਵਿੱਚ ਕਿਸੇ ਮਿਸਲ ਦੇ ਸਰਦਾਰ ਨੇ ਸਿਰ ਨਹੀਂ ਚੁੱਕਿਆ, ਸਗੋਂ ਗੁਰੂ ਨਾਨਕ ਸਾਹਿਬ ਦੀ ਅੰਸ਼-ਵੰਸ਼ ਵੱਲੋਂ ਕੀਤੀ ਇਸ ਰਸਮ ਨੂੰ ਸਿਰ ਝੁਕਾ ਕੇ ਪ੍ਰਵਾਨਗੀ ਦਿੱਤੀ । ਬਾਬਾ ਸਾਹਿਬ ਸਿੰਘ ਜੀ ਬੇਦੀ ਦਾ ਜਨਮ 1756 ਈ: ਵਿੱਚ ਗੁਰਦਾਸਪੁਰ ਜ਼ਿਲ੍ਹੇ ਦੇ ਡੇਰ੍ਹਾ ਬਾਬਾ ਨਾਨਕ ਵਿਖੇ ਆਪਣੇ ਦਾਦਾ ਬਾਬਾ ਕਲਾਧਾਰੀ ਜੀ ਦੇ ਗ੍ਰਿਹਿ ਵਿਖੇ ਅਤੇ ਪਿਤਾ ਬਾਬਾ ਅਜੀਤ ਸਿੰਘ ਬੇਦੀ ਅਤੇ ਮਾਤਾ ਸਵਰੂਪ ਕੌਰ ਦੇ ਘਰ ਹੋਇਆ । ਬਾਬਾ ਸਾਹਿਬ ਸਿੰਘ ਬੇਦੀ ਦੇ ਦਾਦਾ ਬਾਬਾ ਕਲਾਧਾਰੀ ਜੀ ਸਾਹਿਬ-ਏ-ਕਮਾਲ ਗੁਰੂ ਗੋਬਿੰਦ ਸਿੰਘ ਜੀ ਦੇ ਸੱਦੇ 'ਤੇ ਹੀ ਸ੍ਰੀ ਅਨੰਦਪੁਰ ਸਾਹਿਬ ਨੇੜੇ ਵਸੇ ਊਨਾ ਨਗਰ ਵਿਖੇ ਪੁੱਜੇ ਸਨ । ਅੱਜ ਵੀ ਬੇਦੀ ਵੰਸ਼ ਦਾ ਇਹ ਅਸਥਾਨ ਕਿਲ੍ਹਾ ਬੇਦੀ ਸਾਹਿਬ ਕਰਕੇ ਜਾਣਿਆ ਜਾਂਦਾ ਹੈ। ਜਦੋਂ ਤੁਸੀਂ ਇਸ ਕਿਲ੍ਹੇ ਵਿਖੇ ਜਾਂਦੇ ਹੋ, ਤਾਂ ਪੁਰਾਤਨ ਕਿਲ੍ਹੇ ਵਿੱਚ ਪੁਰਾਤਨ ਬੋਹੜ ਤੇ ਬੇਰੀ ਦੇ ਦਰਖੱਤਾਂ ਦੇ ਰੂਪ ਵਿੱਚ ਸਿੱਖਾਂ ਦਾ ਪੁਰਾਤਨ ਵਿਰਸਾ ਅਤੇ ਅਤੀਤ ਹਰ ਦਰਸ਼ਕ ਨੂੰ ਆਪਣੇ ਵੱਲ ਸਹਿਜ-ਸੁਭਾਅ ਹੀ ਖਿੱਚਦਾ ਪ੍ਰਤੀਤ ਹੁੰਦਾ ਹੈ।

ਇਤਿਹਾਸਕ ਸਰੋਤ ਦੱਸਦੇ ਹਨ ਬਾਬਾ ਸਾਹਿਬ ਸਿੰਘ ਬੇਦੀ ਨਾਲ 14 ਹਜ਼ਾਰ ਘੋੜ ਸਵਾਰ ਫੌਜ ਹਮੇਸ਼ਾ ਤਾਇਨਾਤ ਰਹਿੰਦੀ ਸੀ । ਉਨ੍ਹਾਂ ਦੀ ਰਿਆਸਤ ਦੇ ਅਧਿਕਾਰ ਖੇਤਰ ਵਿੱਚ 117 ਪਿੰਡ ਸਨ । ਜਿਸ ਵਿੱਚ ਦੁਆਬਾ ਤੇ ਦੂਨ ਦਾ ਇਲਾਕਾ ਵੀ ਸੀ । ਬਾਬਾ ਜੀ ਜੰਗ ਵਿੱਚ ਸ਼ਹੀਦ ਹੋਏ ਪਰਿਵਾਰਾਂ ਦਾ ਰੈਣ-ਬਸੇਰਾ ਇਨ੍ਹਾਂ ਪਿੰਡਾਂ ਵਿੱਚ ਹੀ ਕਰਵਾਉਂਦੇ ਸਨ । ਬਾਬਾ ਕਲਾਧਾਰੀ ਜੀ ਅਤੇ ਉਨ੍ਹਾਂ ਦੀ ਵੰਸ਼ਜ ਨੇ ਊਨਾ ਸ਼ਹਿਰ ਵਿੱਚ ਅਨੇਕਾਂ ਇਮਾਰਤਾਂ ਬਣਾਈਆਂ । ਵੱਖ-ਵੱਖ ਧਰਮਾਂ ਦੇ ਲੋਕਾਂ ਨੂੰ ਇਥੇ ਵਸਾਇਆ । ਇਕ ਅਜਿਹਾ ਸਮਾਂ ਸੀ ਜਦੋਂ ਊਨਾ ਪੰਜਾਬ ਦਾ ਅਵਲ ਦਰਜੇ ਦਾ ਸ਼ਹਿਰ ਸੀ, ਜਿਥੋਂ ਮੌਜੂਦਾ ਹਿਮਾਚਲ, ਜੰਮੂ ਕਸ਼ਮੀਰ ਤੇ ਲੇਹ-ਲਦਾਖ ਤੱਕ ਵਿਉਪਾਰ ਕੀਤਾ ਜਾਂਦਾ ਸੀ । ਜਦੋਂ ਬਾਬਾ ਸਾਹਿਬ ਸਿੰਘ ਜੀ ਊਨਾ ਸ਼ਹਿਰ ਤੋਂ ਜੰਗ-ਏ-ਮੈਦਾਨ ਵਿੱਚ ਨਿਕਲਦੇ ਸਨ ਤਾਂ ਇਸ ਸ਼ਹਿਰ ਦੀ ਪਰਿਕਰਮਾ ਕਰਕੇ ਸੁਰੱਖਿਅਕ ਕਵਚ ਬਣਾਉਂਦੇ ਸਨ, ਤਾਂ ਜੋ ਸ਼ਹਿਰ ਵਿੱਚ ਕਿਸੇ ਤਰ੍ਹਾਂ ਦੀ ਕੋਈ ਔਖੀ ਘੜੀ ਨਾ ਆਵੇ । ਅੱਜ ਵੀ ਬਾਬਾ ਜੀ ਦੀ ਯਾਦ ਵਿੱਚ ਹੋਣ ਵਾਲੇ ਗੁਰਮਤਿ ਸਮਾਗਮ ਸਮੇਂ ਊਨਾ ਸ਼ਹਿਰ ਦੀ ਪਰਿਕਰਮਾ ਕਰਦਿਆਂ ਨਗਰ ਕੀਰਤਨ ਸਜਾਇਆ ਜਾਂਦਾ ਹੈ । ਇਤਿਹਾਸਕ ਸਰੋਤਾਂ ਮੁਤਾਬਿਕ ਬਾਬਾ ਜੀ ਜਿਥੇ ਮਹਾਨ 33 ਬੇਤੇ, ਰਾਜਯੋਗੀ ਧਰਮੀ ਮਹਾਂਪੁਰਸ਼ ਸਨ, ਉਥੇ ਉਹ ਦਲੇਰ ਯੋਧੇ ਤੇ ਕੂਟਨੀਤਕ ਸ਼ਖ਼ਸੀਅਤ ਦੇ ਮਾਲਕ ਵੀ ਸਨ । ਖ਼ਾਲਸਾ ਰਾਜ ਦਾ ਮੁੱਢ ਉਨ੍ਹਾਂ ਦੇ ਯਤਨਾਂ ਨਾਲ ਬੱਝਿਆ ਸੀ । ਬਾਰਾਂ ਮਿਸਲਾਂ ਦੇ ਸਰਦਾਰਾਂ ਨੂੰ ਇਕੱਠੇ ਕਰਨਾ ਕੋਈ ਸਹਿਜ ਕਾਰਜ ਨਹੀਂ ਸੀ ।

ਊਨਾ ਦੇ ਇਸ ਇਤਿਹਾਸਕ ਕਿਲ੍ਹੇ ਦੀ ਸਥਾਪਨਾ 1784 ਈ: ਵਿੱਚ ਕੀਤੀ ਗਈ । ਜੋ ਉੱਤਰੀ ਭਾਰਤ ਦੀਆਂ 117 ਰਿਆਸਤਾਂ ਨਾਲ ਸੰਬੰਧਿਤ ਸੀ । ਸਿੱਖ ਰਾਜ ਦੇ ਪਤਨ ਪਿੱਛੋਂ ਅੰਗ੍ਰੇਜ਼ ਹਕੂਮਤ ਨੂੰ ਬਾਬਾ ਜੀ ਦੀ ਵੰਸ਼ਜ ਤੋਂ ਵੀ ਬਗਾਵਤੀ ਸੁਰਾਂ ਹੀ ਸੁਣਾਈ ਦਿੰਦੀਆਂ ਸਨ । ਇਸੇ ਕਰਕੇ ਜਦੋਂ ਬਾਬਾ ਜੀ ਦੇ ਸਪੁੱਤਰ ਬਾਬਾ ਬਿਕਰਮਾ ਸਿੰਘ ਬੇਦੀ ਵੱਲੋਂ ਅੰਗ੍ਰੇਜ਼ ਹਕੂਮਤ ਵਿਰੁੱਧ ਬਾਗੀ ਹੋਣ ਦੀ ਸੂਚਨਾ ਮਿਲੀ ਤਾਂ ਇਸ ਬੇਦੀ ਸਾਹਿਬ ਦੇ ਮਜ਼ਬੂਤ ਕਿਲ੍ਹੇ ਨੂੰ ਤੋਪਾਂ ਨਾਲ ਤਬਾਹ ਕਰ ਦਿੱਤਾ ਗਿਆ । ਜੋ ਅੱਜ ਵੀ ਇਹ ਇਤਿਹਾਸਕ ਖੰਡਰਾਂ ਦੇ ਰੂਪ ਵਿੱਚ ਅੰਗ੍ਰੇਜ਼ ਸਰਕਾਰ ਦੀ ਕੋਝੀ ਕਰਤੂਤ ਨੂੰ ਬਿਆਨ ਕਰ ਰਹੇ ਹਨ । ਇਸੇ ਕਿਲ੍ਹੇ ਅੰਦਰ ਬਾਬਾ ਜੀ ਦੇ ਮੰਝਲੇ ਸਪੁੱਤਰ ਬਾਬਾ ਤੇਗ ਸਿੰਘ ਦਾ ਸਥਾਨ ਵੀ ਮੌਜੂਦ ਹੈ । ਬਾਬਾ ਜੀ ਵੱਲੋਂ ਬਣਾਇਆ ਲੰਗਰ ਅਸਥਾਨ ਵੀ ਸਾਡੀ ਅਮੀਰ ਵਿਰਾਸਤ ਦੀ ਨਿਸ਼ਾਨੀ ਹੈ । ਇਸੇ ਊਨਾ ਸ਼ਹਿਰ ਦੇ ਹੋਰ ਇਤਿਹਾਸਕ ਸਥਾਨਾਂ ਦੀ ਗੱਲ ਕਰੀਏ ਤਾਂ ਕਿਲ੍ਹੇ ਦੇ ਦੂਜੇ ਪਾਸੇ ਬਾਬਾ ਜੀ ਦਾ ਦਮਦਮਾ ਅਸਥਾਨ ਹੈ । ਊਨਾ ਤੋਂ ਚਾਰ ਕੁ ਕਿਲੋਮੀਟਰ ਦੂਰ ਬਾਬਾ ਸਾਹਿਬ ਸਿੰਘ ਬੇਦੀ ਜੀ ਦਾ ਤਪ ਅਸਥਾਨ ਗੁਰਦੁਆਰਾ ਤਪੋਵਨ ਮੌਜੂਦ ਹੈ । ਇਸ ਦੇ ਨੇੜੇ ਹੀ ਬਾਬਾ ਤੇਗ ਸਿੰਘ ਦਾ ਤਪ-ਅਸਥਾਨ ਗੁ: ਬਾਰਾਂਦਰੀ ਵੀ ਮੌਜੂਦ ਹੈ । ਉਨ੍ਹਾਂ ਦੀ ਗਾਤਰੇ ਦੀ ਕ੍ਰਿਪਾਨ, ਕਟਾਰ, ਚੱਕਰੀ, ਗਾਤਰਾ, ਬਾਬਾ ਤੇਗ ਸਿੰਘ ਦਾ ਤੀਰ ਕਮਾਨ ਅਤੇ ਬਾਬਾ ਬਿਕਰਮਾ ਸਿੰਘ ਦੀ ਕ੍ਰਿਪਾਨ ਵੀ ਊਨਾ ਕਿਲ੍ਹੇ ਵਿੱਚ ਸੁਭਾਇਮਾਨ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮੌਜੂਦਾ ਵੰਸ਼ ਵਿੱਚੋਂ ਮਹਾਂਪੁਰਸ਼ ਬਾਬਾ ਸਰਬਜੋਤ ਸਿੰਘ ਬੇਦੀ ਨੇ 1989 ਈ: ਵਿੱਚ ਜਾਨਸ਼ੀਨ ਵਜੋਂ ਜ਼ਿੰਮੇਵਾਰੀ ਸੰਭਾਲੀ, ਬਾਬਾ ਜੀ ਨੂੰ ਸਮੁੱਚੇ ਸਿੱਖ ਜਗਤ ਵਿੱਚ ਅਤੇ ਸੰਤ ਸਮਾਜ ਵਿੱਚ ਸਤਿਕਾਰ ਦਿੱਤਾ ਜਾਂਦਾ ਹੈ ।

ਬਾਬਾ ਸਰਬਜੋਤ ਸਿੰਘ ਬੇਦੀ ਦੀ ਅਗਵਾਈ ਵਿੱਚ ਊਨਾ ਸ਼ਹਿਰ ਦਾ ਵਿਕਾਸ ਨਵੀਆਂ ਤਕਨੀਕਾਂ ਨਾਲ ਹੋ ਰਿਹਾ ਹੈ । ਨਾਲ ਹੀ ਬਾਬਾ ਜੀ ਨੇ ਮਾਨਸਿਕ ਤੇ ਕਮਜ਼ੋਰ ਬੱਚਿਆਂ ਲਈ ਪ੍ਰੇਮਾਸ਼ਰਮ ਦੀ ਸਥਾਪਨਾ ਵੀ ਕੀਤੀ ਹੈ । ਇਹ ਆਸ਼ਰਮ ਸਮਾਜ ਦੇ ਇਨ੍ਹਾਂ ਬੱਚਿਆਂ ਦੀ ਦੇਖਭਾਲ ਕਰ ਰਿਹਾ ਹੈ । ਦੇਸ਼-ਵਿਦੇਸ਼ ਦੀ ਸੰਗਤ ਵੱਲੋਂ ਬਾਬਾ ਸਾਹਿਬ ਸਿੰਘ ਬੇਦੀ ਜੀ ਦੇ ਜਨਮ ਦਿਨ 'ਤੇ ਤਿੰਨ ਦਿਨ ਸਮਾਗਮ ਹਰ ਸਾਲ ਗੁਰਮਤਿ ਸਮਾਗਮ ਦੇ ਰੂਪ ਵਿੱਚ ਵੀ ਕੀਤੇ ਜਾਂਦੇ ਹਨ । ਮੁੱਖ ਸਮਾਗਮ ਦੇ ਦੌਰਾਨ ਨਗਰ ਕੀਰਤਨ, ਸੰਤ ਸਮਾਗਮ, ਕੀਰਤਨ ਦਰਬਾਰ ਕਰਵਾਏ ਜਾਂਦੇ ਹਨ । ਆਉ ਆਪਾਂ ਵੀ ਆਪਣੇ ਵਿਰਾਸਤੀ ਅਸਥਾਨਾਂ ਦੇ ਦਰਸ਼ਨ-ਦੀਦਾਰੇ ਕਰੀਏ। ••

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਸ਼ਾਹਬਾਦ (ਹਰਿਆਣਾ) ਵਿਖੇ ਸਲਾਨਾ ਮਹਾਨ ਗੁਰਮਤਿ ਸਮਾਗਮ ਇਕ ਅਪ੍ਰੈਲ ਤੇ ਵਿਸ਼ਾਲ ਨਗਰ ਕੀਰਤਨ 30 ਮਾਰਚ ਨੂੰ—ਸੰਤ ਬਾਬਾ ਸੁੱਚਾ ਸਿੰਘ



ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਸ਼ਾਹਬਾਦ ਮਾਰਕੰਡਾ (ਹਰਿਆਣਾ) ਵਿਖੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਅਤੇ ਧੰਨ—ਧੰਨ ਬਾਬਾ ਈਸ਼ਰ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਲਾਨਾ ਮਹਾਨ ਗੁਰਮਤਿ ਸਮਾਗਮ ਇਕ ਅਪ੍ਰੈਲ 2026 ਦਿਨ ਬੁੱਧਵਾਰ ਨੂੰ ਸਵੇਰੇ 10 ਵਜੇ ਤੋਂ ਚਾਰ ਵਜੇ ਤੱਕ ਅਤੇ 30 ਮਾਰਚ 2026 ਦਿਨ ਸੋਮਵਾਰ ਨੂੰ ਮਹਾਨ ਨਗਰ ਕੀਰਤਨ ਸਜਾਏ ਜਾਣਗੇ। ਇਹ ਜਾਣਕਾਰੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਅਤੇ ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਸ਼ਾਹਬਾਦ ਮਾਰਕੰਡਾ ਹਰਿਆਣਾ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 30 ਮਾਰਚ ਦਿਨ ਸੋਮਵਾਰ ਨੂੰ ਮਹਾਨ ਨਗਰ ਕੀਰਤਨ ਸਜਾਏ ਜਾਣਗੇ। ਇਹ ਮਹਾਨ ਨਗਰ ਕੀਰਤਨ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਤੋਂ ਸਵੇਰੇ 8 ਵਜੇ ਆਰੰਭ ਹੋ ਕੇ ਭਜਨ ਮਾਜਰਾ, ਮਾਮੂ ਮਾਜਰਾ, ਕਲਸਾਣੀ ਚੌਂਕ, ਨਗਲਾ, ਸਜਾਦਪੁਰ, ਪੱਟੀ, ਜੈਨਪੁਰ, ਬੋਰੀਪੁਰ ਚੌਂਕ, ਮੱਦੀਪੁਰ ਲੰਗਰ ਸੇਵਾ, ਸੈਦਪੁਰ, ਲੂਕਰਮਾਜਰਾ, ਗੋਲਪੁਰਾ, ਸੁਲਖਣੀ, ਨਲਵੀ, ਮਦੂਦਾ, ਝਰੋਲੀ ਕਲਾਂ ਤੋਂ ਗੁਰਬਚਨ ਸਿੰਘ ਡੇਰੇ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਠਾਠ ਨਾਨਕਸਰ ਝਰੋਲੀ ਵਿਖੇ ਸਮਾਪਤੀ ਦੀ ਅਰਦਾਸ ਹੋਵੇਗੀ। ਇਸ ਮੌਕੇ ਤੇ ਬਾਬਾ ਨੰਦ ਸਿੰਘ ਗੱਤਕਾ ਪਾਰਟੀ ਵੱਲੋਂ ਕਲਾਂ ਦੇ ਜੌਹਰ ਵਿਖਾਏ ਜਾਣਗੇ। ਇਸੇ ਤਰ੍ਹਾਂ ਇਕ ਅਪ੍ਰੈਲ 2026 ਦਿਨ ਬੁੱਧਵਾਰ ਨੂੰ ਸਲਾਨਾ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਮਹਾਂਸੰਪਟ ਸਾਹਿਬ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਇਕੋਤਰੀ ਦੇ ਪਾਠਾਂ ਦੇ ਭੋਗ ਪਾਏ ਜਾਣਗੇ। ਭੋਗ ਉਪਰੰਤ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਜਾਵੇਗੀ, ਉਪਰੰਤ ਕੀਰਤਨ ਦਰਬਾਰ 10 ਵਜੇ ਤੋਂ 4 ਵਜੇ ਤੱਕ ਸਜਾਏ ਜਾਣਗੇ, ਜਿਸ ਵਿਚ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼, ਰਾਗੀ, ਢਾਡੀ, ਕਥਾਵਾਚਕ ਗੁਣੀ ਗਿਆਨੀ ਪਹੁੰਚ ਰਹੇ ਹਨ, ਜਿਸ ਵਿਚ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਕਲੇਰਾਂ, ਸੰਤ ਬਾਬਾ ਸੇਵਾ ਸਿੰਘ ਨਾਨਕਸਰ ਕਲੇਰਾਂ, ਸੰਤ ਬਾਬਾ ਤਰਲੋਚਨ ਸਿੰਘ ਨਾਨਕਸਰ ਸਿੰਗੜਾ, ਸੰਤ ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ ਕਲੇਰਾਂ, ਸੰਤ ਬਾਬਾ ਲਖਬੀਰ ਸਿੰਘ ਨਾਨਕਸਰ ਵੜੈਚ, ਭਾਈ ਅਮਨਦੀਪ ਸਿੰਘ ਮਾਤਾ ਕਉਲਾ ਜੀ ਭਲਾਈ ਕੇਂਦਰ ਅੰਮ੍ਰਿਤਸਰ ਵਾਲੇ, ਸੰਤ ਗਗਨਦੀਪ ਸਿੰਘ ਨਾਨਕਸਰ ਸਿੰਗੜਾ ਵਾਲੇ, ਭਾਈ ਰਾਜਨਦੀਪ ਸਿੰਘ ਆਨੰਦਪੁਰ ਸਾਹਿਬ ਵਾਲੇ, ਸੰਤ ਬਾਬਾ ਹਰੀ ਸਿੰਘ ਹਰੀਕੇ ਪੱਤਨ ਵਾਲੇ ਤੋਂ ਇਲਾਵਾ ਭਾਈ ਹਰਨਾਮ ਸਿੰਘ, ਭਾਈ ਗੁਰਮੇਲ ਸਿੰਘ ਅਰਜਨ, ਭਾਈ ਚੰਨ ਸਿੰਘ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ ਬੱਬੂ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਰਾਗੀ ਜਥੇ ਹਾਜ਼ਰੀ ਭਰਨਗੇ। ਇਸ ਮੌਕੇ ਤੇ ਇਕ ਅਪ੍ਰੈਲ ਨੂੰ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਪੰਜਾਬ ਅਤੇ ਹਰਿਆਣਾ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਦੋ ਦਿਨ ਹਾਜ਼ਰੀ ਭਰਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ।

## ਪੰਜਾਬ 'ਚ ਆਉਣ ਵਾਲੀ ਸਰਕਾਰ ਕਾਂਗਰਸ ਦੀ ਹੋਵੇਗੀ : ਕਮਲਜੀਤ ਸਿੰਘ ਚੱਕ



**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਆਉਣ ਵਾਲੀ ਸਰਕਾਰ ਕਾਂਗਰਸ ਪਾਰਟੀ ਦੀ ਬਣੇਗੀ, ਕਿਉਂਕਿ ਲੋਕ ਹੁਣ ਸਮਝ ਚੁੱਕੇ ਹਨ ਕਿ ਉਨ੍ਹਾਂ ਦਾ ਭਵਿੱਖ ਸਿਰਫ਼ ਕਾਂਗਰਸ ਦੇ ਹੱਥਾਂ ਵਿੱਚ ਹੀ ਸੁਰੱਖਿਅਤ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਕਮਲਜੀਤ ਸਿੰਘ ਚੱਕ ਸੀਨੀਅਰ ਆਗੂ ਕਾਂਗਰਸ ਪਾਰਟੀ ਹਲਕਾ ਮਹਿਲ ਕਲਾਂ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਿਆਸੀ ਹਾਲਾਤਾਂ ਤੋਂ ਨਿਰਾਸ਼ ਹੋ ਚੁੱਕੇ ਹਨ ਤੇ ਬਦਲਾਅ ਦੀ ਲੋੜ ਮਹਿਸੂਸ ਕਰ ਰਹੇ ਹਨ। ਮੌਜੂਦਾ ਸੱਤਾਧਾਰੀ ਆਮ ਆਦਮੀ ਪਾਰਟੀ 'ਤੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ, ਪਰ ਉਨ੍ਹਾਂ ਵਿੱਚੋਂ ਜ਼ਿਆਦਾਤਰ ਵਾਅਦੇ ਅਜੇ ਤੱਕ ਪੂਰੇ ਨਹੀਂ ਹੋ ਸਕੇ ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਹਰ ਮੋਰਚੇ 'ਤੇ ਫੇਲ੍ਹ ਸਾਬਿਤ ਹੋਈ ਹੈ, ਚਾਹੇ ਉਹ ਰੋਜ਼ਗਾਰ ਦੇ ਮੌਕੇ ਹੋਣ, ਕਿਸਾਨਾਂ ਦੇ ਮਸਲੇ ਹੋਣ ਜਾਂ ਕਾਨੂੰਨ-ਵਿਵਸਥਾ ਦੀ ਸਥਿਤੀ ਹੋਵੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨੂੰ ਸੁਪਨੇ ਦਿਖਾ ਕੇ ਵੋਟਾਂ ਤਾਂ ਹਾਸਲ ਕਰ ਲਈਆਂ, ਪਰ ਜਦੋਂ ਉਨ੍ਹਾਂ ਨੂੰ ਹਕੀਕਤ ਵਿੱਚ ਬਦਲਣ ਦੀ ਵਾਰੀ ਆਈ ਤਾਂ ਸਰਕਾਰ ਪਿੱਛੇ ਰਹਿ ਗਈ।ਇਸ ਕਾਰਨ ਲੋਕਾਂ ਵਿੱਚ ਗੁੱਸਾ ਤੇ ਨਿਰਾਸ਼ਾ ਦੋਵੇਂ ਵੱਧ ਰਹੇ ਹਨ। ਪੰਜਾਬ ਦੇ ਲੋਕ ਹੁਣ ਆਮ ਆਦਮੀ ਪਾਰਟੀ ਨੂੰ ਸੂਬੇ ਵਿੱਚੋਂ ਚੱਲਦਾ ਕਰਨ ਲਈ ਮਨ ਬਣਾ ਚੁੱਕੇ ਹਨ। ਕਾਂਗਰਸ ਪਾਰਟੀ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਕਾਂਗਰਸ ਦਾ ਇਤਿਹਾਸ ਲੋਕ ਸੇਵਾ ਤੇ ਵਿਕਾਸ ਨਾਲ ਭਰਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰਾਂ ਨੇ ਹਮੇਸ਼ਾ ਸੂਬੇ ਵਿੱਚ ਢਾਂਚਾਗਤ ਵਿਕਾਸ, ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ ਹੈ। ਕਾਂਗਰਸ ਪਾਰਟੀ ਕੋਲ ਤਜਰਬੇਕਾਰ ਨੇਤਵ ਹੈ, ਜੋ ਪੰਜਾਬ ਨੂੰ ਮੁੜ ਤਰੱਕੀ ਦੇ ਰਾਹ 'ਤੇ ਲਿਆ ਸਕਦੀ ਹੈ।

## ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਿਖੇ ਸਲਾਨਾ ਜੋੜਮੇਲਾ ਕੱਲ ਤੋਂ ਆਰੰਭ-ਸੰਤ ਬਾਬਾ ਗੁਰਦੇਵ ਸਿੰਘ ਜੀ



**ਚੌਕ ਮਹਿਤਾ, 24 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੱਚਖੰਡਵਾਸੀ ਭਗਤ ਬਾਬਾ ਗੁਰਬਚਨ ਸਿੰਘ ਜੀ ਅਤੇ ਸੱਚਖੰਡਵਾਸੀ ਭਗਤ ਬਾਬਾ ਪ੍ਰੀਤਮ ਸਿੰਘ ਜੀ ਦੇ ਚਰਨ ਸੇਵਕ ਅਤੇ ਗੁਰਦੁਆਰਾ ਭਗਤਾਂ ਦਾ ਡੇਰਾ (ਤਰਸਿੱਕਾ) ਦੇ ਮੌਜੂਦਾ ਮੁਖੀ ਸੰਤ ਬਾਬਾ ਗੁਰਦੇਵ ਸਿੰਘ ਜੀ ਦੀ ਅਗਵਾਈ ਵਿੱਚ ਕੱਲ 26 ਤੇ 27 ਮਾਰਚ ਨੂੰ 2 ਰੋਜ਼ਾ ਸਲਾਨਾ ਜੋੜ ਮੇਲਾ ਮਨਾਇਆ ਜਾਵੇਗਾ। ਜਿਸ ਦੌਰਾਨ ਰੋਜ਼ਾਨਾ ਸਵੇਰੇ 10 ਤੋਂ ਸ਼ਾਮ 5 ਵਜੇ ਤੱਕ ਧਾਰਮਿਕ ਦੀਵਾਨ ਸੱਜਿਆ ਕਰਨਗੇ, ਜਿਨਾਂ ਵਿੱਚ ਢਾਡੀ ਗਿਆਨੀ ਗੁਰਪ੍ਰਤਾਪ ਸਿੰਘ ਜੀ ਪਦਮ, ਢਾਡੀ ਬਲਬੀਰ ਸਿੰਘ ਜੀ ਪਾਰਸ, ਕਥਾਵਾਚਕ ਗਿਆਨੀ ਹਰਪ੍ਰੀਤ ਸਿੰਘ ਜੀ, ਕਵੀਸਰ ਗਿਆਨੀ ਮੱਖਣ ਸਿੰਘ ਜੀ ਦਸਮੇਸ਼ ਨਗਰ ਅਤੇ ਰਾਗੀ ਬਾਬਾ ਮਨਜੀਤ ਸਿੰਘ ਜੀ ਗੁਰੂ ਨਾਨਕ ਦਲ ਬਟਾਲਾ ਸਮੇਤ ਪੰਥ ਪ੍ਰਸਿੱਧ ਜਥੇ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਵਾ ਕੇ ਨਿਹਾਲ ਕਰਨਗੇ। ਜੋੜਮੇਲੇ ਦੇ ਦੋਵੇ ਦਿਨ ਸ਼ਾਮ 5 ਵਜੇ ਕਬੱਡੀ ਦੀਆਂ ਨਾਮਵਰ ਟੀਮਾਂ ਵਿਚਾਲੇ ਮੈਚ ਖੇਡੇ ਜਾਣਗੇ। 26 ਮਾਰਚ ਨੂੰ ਜਿਲ੍ਹਾ ਪੱਧਰ ਦੀਆਂ ਕਬੱਡੀ ਟੀਮਾਂ 'ਤੇ 27 ਨੂੰ ਪੰਜਾਬ ਪੱਧਰ ਦੀਆਂ ਕਬੱਡੀ ਟੀਮਾਂ ਆਪਸ 'ਚ ਭਿੜਨਗੀਆਂ। ਇਸ ਦੇ ਨਾਲ ਬਾਬਾ ਜੁਝਾਰ ਸਿੰਘ ਦਸਤਾਰ ਲਹਿਰ (ਦੁਬਈ) ਵੱਲੋਂ ਦੋਵੇਂ ਦਿਨ ਦਸਤਾਰ ਸਿਖਲਾਈ ਕੈਂਪ ਵੀ ਲਗਾਇਆ ਜਾਵੇਗਾ। ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਦੱਸਿਆ ਕਿ 28 ਮਾਰਚ ਨੂੰ ਸ਼ਨੀਵਾਰ ਸਵੇਰੇ 10 ਵਜੇ ਅੰਮ੍ਰਿਤ ਸੰਚਾਰ ਹੋਵੇਗਾ, ਉਨਾਂ ਨੇ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਦੀ ਅਪੀਲ ਕੀਤੀ ਅਤੇ ਇਸ ਜੋੜਮੇਲੇ ਵਿਚ ਹੁੰਮ ਹੁੰਮਾ ਕੇ ਪਹੁੰਚਣ, ਸੇਵਾ ਕਰਨ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਲਈ ਆਖਿਆ।

### ਵਾਪਰੀਆਂ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਭਗਵੰਤ ਮਾਨ ਸਰਕਾਰ ਨੇ

# ਵਪਾਰੀਆਂ ਨਾਲ ਸਿੱਧਾ ਰਾਬਤਾ ਕੀਤਾ : ਚੇਅਰਮੈਨ ਪੁਸ਼ਿਪੰਦਰ ਸ਼ਰਮਾ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਟਰੇਡ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ ਦੀ ਅਗਵਾਈ ਹੇਠ ਅੱਜ ਬੱਸ ਸਟੈਂਡ ਰੋਡ ਮਾਰਕਿਟ ਧੂਰੀ ਵਿਖੇ ਵਪਾਰੀਆਂ ਦੀਆਂ ਮੁਸ਼ਕਲਾਂ ਸੁਣਨ ਲਈ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੌਰਾਨ ਵੱਖ-ਵੱਖ ਵਪਾਰਕ ਵਰਗਾਂ ਨਾਲ ਸੰਬੰਧਤ ਨੁਮਾਇੰਦਿਆਂ ਨੇ ਆਪਣੇ ਮੁੱਦੇ ਪ੍ਰਸ਼ਾਸਨਿਕ ਅਧਿਕਾਰੀਆਂ ਸਾਹਮਣੇ ਰੱਖੇ। ਇਸ ਮੌਕੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਪਾਰੀਆਂ ਦੀਆਂ ਮੁਸ਼ਕਲਾਂ ਦਾ ਹੱਲ ਉਨ੍ਹਾਂ ਦੇ ਬੂਹੇ ਤੱਕ ਪਹੁੰਚ ਕੇ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਵਪਾਰੀਆਂ ਨਾਲ ਸਿੱਧਾ ਸੰਪਰਕ ਸਥਾਪਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਸੁਣ ਕੇ ਹੱਲ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਹੋਰ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਵਪਾਰ ਲਈ ਸਾਜ਼ਗਾਰ ਅਤੇ ਪਾਰਦਰਸ਼ੀ ਮਾਹੌਲ ਤਿਆਰ ਕੀਤਾ ਗਿਆ ਹੈ, ਜਿਸ ਨਾਲ ਵਪਾਰਕ ਗਤੀਵਿਧੀਆਂ ਨੂੰ ਨਵਾਂ ਬਲ ਮਿਲਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਾਰੇ ਸੰਬੰਧਿਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਮੁੱਦਿਆਂ ਦਾ ਸਮੇਂ-ਸਿਰ ਨਿਪਟਾਰਾ ਯਕੀਨੀ ਬਣਾਉਣ। ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਜੀ.ਐਸ.ਟੀ., ਖ਼ੁਰਾਕ ਸਪਲਾਈ, ਬਿਜਲੀ, ਮਜ਼ਦੂਰੀ ਅਤੇ ਹੋਰ ਪ੍ਰਸ਼ਾਸਨਿਕ ਸੇਵਾਵਾਂ ਨਾਲ ਸੰਬੰਧਿਤ ਮੁੱਦੇ ਉਠਾਏ ਗਏ, ਜਿਨ੍ਹਾਂ 'ਤੇ ਮੌਜੂਦ ਅਧਿਕਾਰੀਆਂ ਨੇ ਗੰਭੀਰਤਾ ਨਾਲ ਵਿਚਾਰ ਕਰਦੇ ਹੋਏ ਉਨ੍ਹਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਦਾ ਭਰੋਸਾ ਦਿਵਾਇਆ। ਬੱਸ ਸਟੈਂਡ ਰੋਡ ਮਾਰਕਿਟ ਧੂਰੀ ਦੇ ਵਪਾਰੀਆਂ ਨੇ ਇਸ ਪਹਿਲ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਨਾਲ ਉਨ੍ਹਾਂ ਨੂੰ ਆਪਣੀਆਂ ਸਮੱਸਿਆਵਾਂ ਸਿੱਧੇ ਤੌਰ 'ਤੇ ਰੱਖਣ ਦਾ ਮੌਕਾ ਮਿਲਦਾ ਹੈ ਅਤੇ ਨਿਪਟਾਰੇ ਦੀ ਪ੍ਰਕਿਰਿਆ ਤੇਜ਼ ਹੁੰਦੀ ਹੈ। ਇਸ ਮੌਕੇ ਕਮਿਸ਼ਨ ਦੇ ਮੈਂਬਰਾਂ ਅਮਨ ਖਾਨ, ਬਲਾਲ ਖਾਨ, ਕੁਲਦੀਪ ਸਿੰਘ, ਦੀਪਕ ਵਰਮਾ ਅਵਤਾਰ ਸਿੰਘ, ਰਾਜਿੰਦਰ ਕੁਮਾਰ ਤੇ ਜਸਵੀਰ ਸਿੰਘ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

### ਪਿੰਡ ਸੀਗੋ ਵਿਖੇ ਰੁਦਰਾ ਆਸਰਾ ਸੈਂਟਰ ਵੱਲੋਂ

# ਅਪਾਹਜ ਵਿਅਕਤੀਆਂ ਨੂੰ ਸਹਾਇਤਾ ਸਮੱਗਰੀ ਵੰਡ, ਵਿਸ਼ੇਸ਼ ਸਮਾਗਮ



**ਤਲਵੰਡੀ ਸਾਬੋ, 24 ਮਾਰਚ (ਗੁਰਜੰਟ ਸਿੰਘ ਨਥੇਹਾ)**- ਰੁਦਰਾ ਆਸਰਾ ਸੈਂਟਰ ਪੰਜਾਬ ਵੱਲੋਂ ਪੰਜਾਬ ਸਰਕਾਰ ਅਤੇ ਦਾਨੀ ਸੱਜਣਾ ਦੇ ਸਹਿਯੋਗ ਨਾਲ ਅੱਜ ਪਿੰਡ ਸ਼ੀਂਗੋ ਵਿੱਚ ਇੱਕ ਵਿਸ਼ੇਸ਼ ਸਮਾਜ ਸੇਵੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਪਿੰਡ ਦੀ ਪੰਚਾਇਤ ਦੀ ਮੌਜੂਦਗੀ ਵਿੱਚ ਜ਼ਰੂਰਤਮੰਦ ਅਤੇ ਅਪਾਹਜ ਵਿਅਕਤੀਆਂ ਨੂੰ ਟਰਾਈ ਸਾਈਕਲਾਂ, ਖੂੰਡੀਆਂ, ਸੇਫਟੀ ਬੈਲਟਾਂ ਅਤੇ ਸੁਣਨ ਦੀ ਸਮੱਸਿਆ ਨਾਲ ਜੂਝ ਰਹੇ ਲੋਕਾਂ ਨੂੰ ਸੁਣਨ ਵਾਲੀਆਂ ਮਸ਼ੀਨਾਂ ਵੰਡੀਆਂ ਗਈਆਂ। ਇਸ ਮੌਕੇ ਸੈਂਟਰ ਦੇ ਪ੍ਰਤੀਨਿਧੀਆਂ ਨੇ ਦੱਸਿਆ ਕਿ ਸੰਸਥਾ ਦਾ ਮਕਸਦ ਸਮਾਜ ਦੇ ਕਮਜ਼ੋਰ ਵਰਗਾਂ ਦੀ ਸਹਾਇਤਾ ਕਰਨਾ ਅਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਦਾਨੀ ਸੱਜਣਾ ਦੇ ਸਹਿਯੋਗ ਨਾਲ ਇਸ ਤਰ੍ਹਾਂ ਦੇ ਉਪਰਾਲੇ ਲਗਾਤਾਰ ਜਾਰੀ ਰਹਿਣਗੇ, ਤਾਂ ਜੋ ਹੋਰ ਵੀ ਲੋੜਵੰਦ ਲੋਕਾਂ ਤੱਕ ਮਦਦ ਪਹੁੰਚ ਸਕੇ। ਇਸ ਮੌਕੇ ਸਰਪੰਚ ਰਣਦੀਪ ਸਿੰਘ ਸਿੱਧੂ ਨੇ ਰੁਦਰਾ ਆਸਰਾ ਸੈਂਟਰ ਅਤੇ ਸਹਿਯੋਗੀ ਦਾਨੀ ਸੱਜਣਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਜ ਸੇਵੀ ਕੰਮ ਲੋੜਵੰਦ ਲੋਕਾਂ ਲਈ ਵੱਡੀ ਰਹਤ ਸਾਬਤ ਹੁੰਦੇ ਹਨ ਅਤੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆਉਂਦੇ ਹਨ। ਅਖੀਰ ਵਿੱਚ ਪਿੰਡ ਵਾਸੀਆਂ ਵੱਲੋਂ ਇਸ ਉਪਰਾਲੇ ਦੀ ਭਰਪੂਰ ਸਰਾਹਨਾ ਕੀਤੀ ਗਈ ਅਤੇ ਉਮੀਦ ਜਤਾਈ ਗਈ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਭਲਾਈ ਦੇ ਕੰਮ ਜਾਰੀ ਰਹਿਣਗੇ।ਇਸ ਸਮਾਗਮ ਵਿੱਚ ਪਿੰਡ ਦੇ ਸਰਪੰਚ ਰਣਦੀਪ ਸਿੰਘ ਸਿੱਧੂ, ਅਜੈਬ ਸਿੰਘ ਸਿੱਧੂ ਪੰਚ, ਜਸਕਰਨ ਸਿੰਘ ਸਰਾਂ ਪੰਚ, ਜੀਤ ਸਿੰਘ ਪੰਚ, ਮੋਹਤਾ ਸਿੰਘ, ਗੁਰਵਿੰਦਰ ਸਿੰਘ, ਕੌਰ ਸਿੰਘ ਸਮੂਹ ਪੰਚਾਇਤ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਦੇਸ਼ ਅੰਦਰ ਸਿਰਫ਼ ਹਿੰਦੂ, ਸਿੱਖ, ਬੋਧੀ ਹੀ ਅਨੁਸੂਚਿਤ ਜਾਤੀ ਦਾ ਰੱਖ ਸਕਦੇ ਹਨ ਦਰਜਾ: ਸੁਪਰੀਮ ਕੋਰਟ

## ਜਾਤੀ ਪ੍ਰਣਾਲੀ ਈਸਾਈ ਧਰਮ ਲਈ ਹੈ 'ਪਰਦੇਸੀ'



ਨਵੀਂ ਦਿੱਲੀ 24 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਫੈਸਲੇ ਦੀ ਪੁਸ਼ਟੀ ਕੀਤੀ ਕਿ ਸਿਰਫ਼ ਹਿੰਦੂ, ਸਿੱਖ ਅਤੇ ਬੋਧੀ ਹੀ ਅਨੁਸੂਚਿਤ ਜਾਤੀ ਦਾ ਦਰਜਾ ਪ੍ਰਾਪਤ ਕਰ ਸਕਦੇ ਹਨ - ਅਤੇ ਜਿਨ੍ਹਾਂ ਨੇ ਈਸਾਈ ਧਰਮ ਅਪਣਾਇਆ ਹੈ, ਉਹ ਨਹੀਂ ਲੈ ਸਕਦੇ। ਇਸਦਾ ਮਤਲਬ ਹੈ ਕਿ ਜਿਨ੍ਹਾਂ ਨੇ ਈਸਾਈ ਧਰਮ ਜਾਂ ਕਿਸੇ ਹੋਰ ਧਰਮ ਅਪਣਾਇਆ ਹੈ, ਉਹ ਸਕਾਰਾਤਮਕ ਕਾਰਵਾਈ ਨੀਤੀਆਂ ਦਾ ਲਾਭ ਨਹੀਂ ਲੈ ਸਕਦੇ, ਅਤੇ ਐਸਸੀ/ਐਸਟੀ (ਅੱਤਿਆਚਾਰ ਰੋਕਥਾਮ) ਐਕਟ ਦੇ ਤਹਿਤ ਵਿਤਕਰੇ ਦੇ ਮਾਮਲੇ ਵੀ ਦਰਜ ਨਹੀਂ ਕਰ ਸਕਦੇ। ਸੁਪਰੀਮ ਕੋਰਟ ਨੇ ਕਿਹਾ ਕਿ ਜ਼ਿਕਰ ਕੀਤੇ ਗਏ ਤਿੰਨਾਂ ਧਰਮਾਂ ਤੋਂ ਇਲਾਵਾ ਕਿਸੇ ਵੀ ਹੋਰ ਧਰਮ ਵਿੱਚ ਤਬਦੀਲੀ ਕਰਨ ਨਾਲ ਅਨੁਸੂਚਿਤ ਜਾਤੀ ਦਾ ਦਰਜਾ ਤੁਰੰਤ ਅਤੇ ਪੂਰੀ ਤਰ੍ਹਾਂ ਖਤਮ ਹੋ ਜਾਂਦਾ ਹੈ। ਜਸਟਿਸ ਪੀਕੇ ਮਿਸ਼ਰਾ ਦੀ ਅਗਵਾਈ ਵਾਲੇ ਬੈਂਚ ਨੇ ਸੰਵਿਧਾਨ (ਅਨੁਸੂਚਿਤ ਜਾਤੀ) ਆਦੇਸ਼, 1950 ਦਾ ਹਵਾਲਾ ਦਿੱਤਾ, ਜੋ ਇਹ ਹੁਕਮ ਦਿੰਦਾ ਹੈ ਕਿ ਕੋਈ ਵੀ ਵਿਅਕਤੀ ਜੋ ਹਿੰਦੂ ਧਰਮ ਤੋਂ ਵੱਖਰਾ ਧਰਮ ਮੰਨਦਾ ਹੈ, ਉਸਨੂੰ ਅਨੁਸੂਚਿਤ ਜਾਤੀ ਦਾ ਮੈਂਬਰ ਨਹੀਂ ਮੰਨਿਆ ਜਾਵੇਗਾ ਕਿਉਂਕਿ ਇਹ ਧਾਰਾ ਸੰਪੂਰਨ ਹੈ। ਸੁਪਰੀਮ ਕੋਰਟ ਨੇ ਕਿਹਾ ਸੰਵਿਧਾਨ ਜਾਂ ਸੰਸਦ ਜਾਂ ਰਾਜ ਵਿਧਾਨ ਸਭਾ ਦੇ ਕਾਨੂੰਨ ਅਧੀਨ ਕੋਈ ਵੀ ਕਾਨੂੰਨੀ ਲਾਭ, ਸੁਰੱਖਿਆ ਜਾਂ ਰਾਖਵਾਂਕਰਨ ਜਾਂ ਹੱਕ ਕਿਸੇ ਵੀ ਵਿਅਕਤੀ ਦੁਆਰਾ ਦਾਅਵਾ ਨਹੀਂ ਕੀਤਾ ਜਾ ਸਕਦਾ ਜਾਂ ਵਧਾਇਆ ਨਹੀਂ ਜਾ ਸਕਦਾ, ਜਿਸਨੂੰ, ਧਾਰਾ 3 ਦੇ ਕਾਰਜ ਦੁਆਰਾ, ਅਨੁਸੂਚਿਤ ਜਾਤੀ ਦਾ ਮੈਂਬਰ ਨਹੀਂ ਮੰਨਿਆ ਜਾਂਦਾ ਹੈ। ਇਹ ਬਾਰ ਸੰਪੂਰਨ ਹੈ ਅਤੇ ਕਿਸੇ ਵੀ ਅਪਵਾਦ ਨੂੰ ਸਵੀਕਾਰ ਨਹੀਂ ਕਰਦਾ। ਕੋਈ ਵਿਅਕਤੀ ਇੱਕੋ ਸਮੇਂ ਧਾਰਾ 3 ਵਿੱਚ ਦਰਸਾਏ ਗਏ ਧਰਮ ਤੋਂ ਇਲਾਵਾ ਕਿਸੇ ਹੋਰ ਧਰਮ ਦਾ ਦਾਅਵਾ ਅਤੇ ਅਭਿਆਸ ਨਹੀਂ ਕਰ ਸਕਦਾ ਅਤੇ ਅਨੁਸੂਚਿਤ ਜਾਤੀ ਦੀ ਮੈਂਬਰਸ਼ਿਪ ਦਾ ਦਾਅਵਾ ਨਹੀਂ ਕਰ ਸਕਦਾ । ਇਹ ਮਾਮਲਾ ਇੱਕ ਅਜਿਹੇ ਵਿਅਕਤੀ ਨਾਲ ਸਬੰਧਤ ਹੈ ਜਿਸਨੇ ਈਸਾਈ ਧਰਮ ਅਪਣਾ ਲਿਆ ਸੀ ਅਤੇ ਪਾਦਰੀ ਬਣ ਗਿਆ ਸੀ, ਅਤੇ ਫਿਰ ਕਥਿਤ ਹਮਲੇ ਦਾ ਸਾਹਮਣਾ ਕਰਨ ਤੋਂ ਬਾਅਦ ਐਸਸੀ/ਐਸਟੀ ਐਕਟ ਦੇ ਤਹਿਤ ਕੇਸ ਦਾਇਰ ਕੀਤਾ ਸੀ। ਪਿਛਲੇ ਸਾਲ ਅਪ੍ਰੈਲ ਵਿੱਚ, ਆਂਧਰਾ ਪ੍ਰਦੇਸ਼ ਹਾਈ ਕੋਰਟ ਨੇ ਕਿਹਾ ਸੀ ਕਿ ਜਾਤੀ ਪ੍ਰਣਾਲੀ ਈਸਾਈ ਧਰਮ ਲਈ "ਪਰਦੇਸੀ" ਹੈ ਅਤੇ ਇਸ ਲਈ ਸ਼ਿਕਾਇਤਕਰਤਾ ਦੁਆਰਾ ਐਸਸੀ/ਐਸਟੀ ਐਕਟ ਦੇ ਤਹਿਤ ਦਾਇਰ ਕੀਤੇ ਗਏ ਦੋਸ਼ਾਂ ਨੂੰ ਰੱਦ ਕਰ ਦਿੱਤਾ ਗਿਆ ਸੀ।

## ਪੰਜਾਬ ਸਰਕਾਰ ਬੇਅਦਬੀਆਂ ਖਿਲਾਫ ਬਣਾਵੇ ਸਖ਼ਤ ਕਨੂੰਨ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਬੇਅਦਬੀਆ ਖਿਲਾਫ ਸਖਤ ਕਾਨੂੰਨ ਬਨਾਉਣ ਦੀ ਮੰਗ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਖਾਲਸਾ ਪਿਛਲੇ 17 ਮਹੀਨਿਆਂ ਤੋਂ ਟਾਵਰ ਤੇ ਬੈਠ ਕੇ ਸੰਘਰਸ ਕਰ ਰਹੇ ਹਨ। ਪਰ ਮਾਨ ਸਰਕਾਰ ਵੱਲੋਂ ਆਪਣੇ ਬਜਟ ਸੈਸ਼ਨ ਦੌਰਾਨ ਬੇਅਦਬੀਆਂ ਦੇ ਮੁੱਦੇ ਨੂੰ ਲੈ ਕੇ ਧਾਰੀ ਚੁੱਪ ਕਈ ਸਵਾਲ ਖੜੇ ਕਰਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇਲਾਕੇ ਦੀ ਪੰਥਕ ਸਖਸੀਅਤ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਨੇ ਸਮਾਣਾ ਮੋਰਚੇ ਵਿੱਚ ਹਾਜਰੀ ਭਰਨ ਉਪਰੰਤ ਕੀਤਾ। ਉਨਾ ਕਿਹਾ ਕਿ ਆਏ ਦਿਨ ਬੇਅਦਬੀਆਂ ਦੇ ਮਾਮਲੇ ਵਧ ਰਹੇ ਹਨ ਜੋ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਦੀ ਵਿਵਸਥਾਂ ਨਾ ਹੋਣ ਦਾ ਨਤੀਜਾ ਜਦਕਿ ਬੇਅਦਬੀ ਖਿਲਾਫ ਬਿੱਲ ਸਬੰਧੀ ਸਿਲੈਕਟ ਕਮੇਟੀ ਨੇ ਵੀ ਚੁੱਪ ਧਾਰੀ ਹੈ । ਉਨਾ ਕਿਹਾ ਕਿ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਅਮਲ ਵਿੱਚ ਲਿਆਂਦਾ ਜਾਵੇ ਤਾ ਜੋ ਕੋਈ ਵੀ ਵੱਖ ਵੱਖ ਧਰਮਾਂ ਦੇ ਪਵਿੱਤਰ ਗ੍ਰੰਥਾਂ ਦਾ ਅਪਮਾਨ ਕਰਨ ਵਾਰੇ ਸੋਚ ਵੀ ਨਾ ਸਕੇ । ਉਨਾ ਕਿਹਾ ਕਿ ਸ੍ਰੀ ਗੁਰੁ ਗ੍ਰੰਥ ਸਾਹਿਬ ਸਾਨੂੰ ਜੀਵਨ ਦੀ ਅਗਵਾਈ ਦਿੰਦੇ ਹਨ ਜਿਸ ਲਈ ਸਾਨੂੰ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਤੇ ਮਰਯਾਦਾ ਨੂੰ ਕਾਇਮ ਰੱਖਣਾ ਤੇ ਗੁਰੂ ਘਰਾਂ ਦੀ ਚੇਤੰਨ ਹੈ ਕੇ ਸੇਵਾ ਸੰਭਾਲ ਕਰਨੀ ਜਰੂਰੀ ਹੈ । ਮਨੁੱਖਤਾਂ ਨੂੰ ਸਹੀ ਮਾਰਗ ਦਾ ਰਾਹ ਦਰਸਾਉਣ ਵਾਲੀ ਗੁਰਬਾਣੀ ਦੀ ਬੇਅਦਬੀ ਦੀ ਕੋਸਿਸ ਕਰਨ ਤੇ ਬੇਅਦਬੀ ਕਰਨ ਦੀਆਂ ਘਟਨਾਵਾਂ ਜਾਰੀ ਹਨ ਤੇ ਦੋਸੀਆਂ ਤੋਂ ਸਖਤੀ ਨਾਲ ਪੁੱਛਗਿੱਛ ਕਰਕੇ ਇਸ ਸਾਜਿਸ ਦੇ ਪਿੱਛੇ ਕੰਮ ਕਰਨ ਵਾਲੇ ਮਾਸਟਰ ਮਾਈਂਡ ਨੂੰ ਵੀ ਜਨਤਕ ਕੀਤਾ ਜਾਣਾ ਚਾਹੀਦਾ ਹੈ । ਉਨਾ ਕਿਹਾ ਕਿ ਕਨੂੰਨ ਦੇ ਸਖਤ ਨਿਯਮ ਨਾ ਹੋਣ ਕਾਰਨ ਬੇਅਦਬੀ ਦੀਆਂ ਘਟਨਾਵਾਂ ਆਏ ਦਿਨ ਵਧ ਰਹੀਆਂ ਹਨ ਤੇ ਬੇਅਦਬੀ ਦੀਆਂ ਜਾਰੀ ਘਟਨਾਵਾਂ ਨੂੰ ਰੋਕਣ ਲਈ ਫਾਂਸੀ ਦੀ ਸਜਾ ਵਜੋਂ ਸਖਤ ਸਜਾਵਾਂ ਅਮਲ ਵਿੱਚ ਲਿਆਦੀਆਂ ਜਾਣੀਆਂ ਚਾਹੀਦੀਆਂ ਹਨ।

## ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਵੱਲੋਂ ਨਵੇਂ ਅਫ਼ਸਰ ਦਾ ਸੁਆਗਤ - ਕਾਂਝਲਾ



**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸਥਾਨਕ ਮੰਡਲ ਦਫ਼ਤਰ ਧੂਰੀ ਵਿਖੇ ਆਏ ਨਵੇਂ ਵਧੀਕ ਨਿਗਰਾਨ ਇੰਜਨੀਅਰ ਇੰਦਰਜੀਤ ਸਿੰਘ ਨੂੰ ਜੁਆਇੰਨ ਕਰਨ ਸਮੇਂ ਪਾਵਰਕਾਮ ਦੀ ਪਰਮੁੱਖ ਜੱਥੇਬੰਦੀ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਦੇ ਸਥਾਨਕ ਆਗੂਆਂ ਦੇ ਇੱਕ ਵਫਦ ਵੱਲੋਂ ਸਟੇਟ ਆਗੂ ਨਪਿੰਦਰ ਸਿੰਘ ਕਾਂਝਲਾ ਦੀ ਅਗਵਾਈ ਵਿੱਚ ਗੁਲਦਸਤਾ ਭੇਟ ਕਰਕੇ ਹਾਰਦਿਕ ਸਵਾਗਤ ਕੀਤਾ। ਇਸ ਮੌਕੇ ਜਥੇਬੰਦੀ ਦੇ ਸਟੇਟ ਆਗੂ ਇੰਜ. ਚਰਨਜੀਤ ਸਿੰਘ ਬਾਵਾ, ਸਰਕਲ ਆਗੂ ਮਨਜੀਤ ਸਿੰਘ ਲੱਡਾ, ਮੰਡਲ ਆਗੂ ਜਸਵੀਰ ਕੁਮਾਰ ਸ਼ਰਮਾ, ਦਵਿੰਦਰ ਸਿੰਘ ਪੁਨਾਂਵਾਲ, ਆਦਿ ਵੀ ਹਾਜ਼ਰ ਸਨ। ਇਸ ਮੌਕੇ ਇੰਜ. ਇੰਦਰਜੀਤ ਸਿੰਘ ਵੱਲੋ ਮੁਲਾਜਮ ਮਸਲੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਾਂਝੇ ਯਤਨਾਂ ਦੀ ਪ੍ਰੋੜਤਾ ਕਰਦਿਆਂ ਵਿਸ਼ਵਾਸ ਦਿਵਾਇਆ ਗਿਆ। ਜੱਥੇਬੰਦੀ ਵੱਲੋਂ ਵੀ ਨਵੇਂ ਆਏ ਅਫ਼ਸਰ ਵੱਲੋ ਸਾਂਝੇ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ ਗਈ।

### ਕਿਸਾਨ ਮੋਰਚਾ ਅੰਮ੍ਰਿਤਸਰ ਤੇ ਹੋਏ ਪੁਲੀਸ ਜ਼ਬਰ ਵਿਰੁੱਧ

# ਦੋ ਥਾਂ ਰੇਲ ਪੱਟੜੀ ਅਤੇ ਇਕ ਥਾਂ ਹਾਈਵੇ ਤੇ ਧਰਨਾ-ਅਵਾਜਾਈ ਕੀਤੀ ਠੱਪ



**ਚੌਕ ਮਹਿਤਾ, 24 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਕਿਸਾਨ ਮਜ਼ਦੂਰ ਮੋਰਚੇ ਵੱਲੋਂ 22 ਮਾਰਚ ਤੋਂ ਰਾਮ ਤੀਰਥ ਰੋੜ ਅੰਮ੍ਰਿਤਸਰ ਤੇ ਮਾਹਲਾਂ ਪਿੰਡ ਨੇੜੇ ਚੱਲ ਰਹੇ ਧਰਨੇ ਨੂੰ ਅੱਜ ਤੜਕਸਾਰ 5 ਵਜੇ ਪੁਲੀਸ ਨੇ ਲਾਠੀਚਾਰਜ ਕਰਕੇ ਖਦੇੜ ਦਿੱਤਾ ਹੈ ।70 ਆਗੂਆਂ ਨੂੰ ਛੇਹਰਟਾ,ਮੱਤੇਵਾਲ ਤੇ ਮਹਿਤਾ ਠਾਣੇ ਵਿੱਚ ਬੰਦੀ ਬਣਾਕੇ ਰੱਖਿਆ ਹੋਇਆ ਹੈ ।ਸਰਵਣ ਸਿੰਘ ਪੰਧੇਰ ਸਮੇਤ ਮੁੱਖ ਆਗੂ ਜਸਵਿੰਦਰ ਸਿੰਘ ਲੌਂਗੋਵਾਲ,ਜੋਬਨਜੀਤ ਸਿੰਘ ਤੇ ਠਾਕਰ ਦਲੀਪ ਸਿੰਘ ਨੂੰ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਹੈ । ਪੁਲੀਸ ਦੀ ਇਸ ਜ਼ੁਲਮਾਨਾ ਤੇ ਗੈਰ-ਸੰਵਿਧਾਨਕ ਵਿਰੁੱਧ ਰੋਹ ਵਿੱਚ ਆਏ ਕਿਸਾਨਾਂ ਨੇ 2 ਥਾਂ ਰੇਲ ਪੱਟੜੀ ਤੇ ਇਕ ਥਾਂ ਹਾਈਵੇ ਤੇ ਧਰਨਾ ਲਾ ਦਿੱਤਾ ਹੈ ।ਜਿਸ ਨਾਲ ਆਵਾਜਾਈ ਠੱਪ ਹੋ ਗਈ ਹੈ ।ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ,ਹਰਵਿੰਦਰ ਸਿੰਘ ਮਸਾਣੀਆਂ,ਲਖਵਿੰਦਰ ਸਿੰਘ ਵਰਿਆਮ ਨੰਗਲ ਨੇ ਦਸਿਆ ਕਿ ਇਕ ਧਰਨਾ ਰੇਲ ਪੱਟੜੀ ਜੰਮੂ- ਅੰਮ੍ਰਿਤਸਰ ਉਤੇ ਬਟਾਲਾ ਨੇੜੇ ਘਸੀਟਪੁਰੇ ਵਿੱਚ ਚੱਲ ਰਿਹਾ ਹੈ ਦੂਜਾ ਧਰਨਾ ਰੇਲ ਪੱਟੜੀ ਅੰਮ੍ਰਿਤਸਰ-ਖੇਮਕਰਨ ਉਤੇ ਪਿੰਡ ਗੋਹਲਵਾੜ ਕੋਲ ਚੱਲ ਰਿਹਾ ਹੈ ।ਉਨ੍ਹਾਂ ਦੱਸਿਆ ਕਿ ਤਰਨਤਾਰਨ-ਪੱਟੀ ਹਾਈਵੇ ਉਤੇ ਪਿੰਡ ਸਰਹਾਲੀ ਖੁਰਦ ਵਿੱਚ ਚੱਲ ਰਿਹਾ ਹੈ ।ਕਿਸਾਨ ਆਗੂਆਂ ਨੇ ਕਿਹਾ ਇਹ ਮੌਕੇ ਤੇ ਲਿਆ ਗਿਆ ਫ਼ੈਸਲਾ ਹੈ ।ਇਹ ਪੱਕੇ ਮੋਰਚੇ ਉਦੋਂ ਤੱਕ ਚੱਲਦੇ ਰਹਿਣਗੇ ਜਦੋਂ ਤੱਕ ਕਿਸਾਨ ਆਗੂਆਂ ਤੇ ਵਰਕਰਾਂ ਨੂੰ ਰਿਹਾ ਨਹੀਂ ਕੀਤਾ ਜਾਂਦਾ ਹੈ । ਕਿਸਾਨ ਮਜ਼ਦੂਰਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਹਨ ਮੰਗਾਂ ਵਿੱਚ ਐਮ.ਐਸ.ਪੀ ਗਾਰੰਟੀ ਕਾਨੂੰਨ ਬਣਾਉਣਾ,ਸੁਆਮੀਨਾਥਨ ਕਮਿਸ਼ਨ ਰਿਪੋਰਟ ਲਾਗੂ ਕਰਨੀ,ਕਰਜ਼ਾ ਮੁਆਫ਼ ਕਰਨਾ,ਬਿਜਲੀ ਸੋਧ ਬਿਲ 2025,ਭਾਰਤੀ-ਅਮਰੀਕਾ ਕਰ ਮੁਕਤ ਸਮਝੌਤਾ,ਬੀਜ ਸੋਧ ਬਿਲ,ਨਵੇਂ ਮਜ਼ਦੂਰ ਕੋਡ ਰੱਦ ਕਰਨਾ ,ਸੰਭੂ-ਖਨੌਰੀ ਮੋਰਚੇ ਦਾ 3.77 ਕਰੋੜ ਦਾ ਮੁਆਵਜ਼ਾ,ਸ਼ਹੀਦਾਂ ਤੇ ਹੜਾਂ ਦਾ ਮੁਆਵਜ਼ਾ ਆਦਿ ਮੰਗਾਂ ਸ਼ਾਮਲ ਹਨ ।ਕਿਸਾਨ ਮਜ਼ਦੂਰ ਮੋਰਚੇ ਦੇ ਤਤਕਾਲ ਦਿੱਤੇ ਗਏ ਸੱਦੇ ਉਤੇ ਮਾਲਵਾ-ਦੁਆਬਾ ਦੇ 12 ਜਿਲ੍ਹਿਆਂ ਫ਼ਿਰੋਜ਼ਪੁਰ,ਮੁਕਤਸਰ ਮੋਗਾ ਪਟਿਆਲਾ ਮਲੇਰਕੋਟਲਾ ਲੁਧਿਆਣਾ,ਕਪੂਰਥਲਾ-ਜਲੰਧਰ ਹੁਸ਼ਿਆਰਪੁਰ ਆਦਿ ਦੇ 850 ਤੋਂ ਵੱਧ ਪਿੰਡਾਂ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੁਤਲੇ ਸਾੜੇ ਗਏ ਤੇ ਰੋਸ਼ ਪ੍ਰਦਰਸ਼ਨ ਕੀਤੇ ਗਏ ।ਸੰਘਰਸ਼ ਤਿੱਖਾ ਕਰਨ ਦਾ ਐਲਾਨ ਕੀਤਾ ਗਿਆ ।

ਆਵਾਜ਼ਿ ਕੌਮ AWAZE QAUM International Newspaper & WEB TV

### ਸਿਵਿਲ ਡਿਫੈਂਸ ਬਰਨਾਲਾ ਵੱਲੋਂ ਸ਼ਹੀਦਾਂ ਨੂੰ ਦਿੱਤੀ ਗਈ ਸ਼ਰਧਾਂਜਲੀ

# ਰੇਲਵੇ ਸਟੇਸ਼ਨ ਬਰਨਾਲਾ ਤੋਂ ਸਿਵਿਲ ਡਿਫੈਂਸ ਵਲੰਟੀਅਰਾਂ ਨੇ ਕੱਢਿਆ ਮੋਮਬੱਤੀ ਮਾਰਚ



ਬਰਨਾਲਾ, 24 ਮਾਰਚ (ਆਵਾਜ਼ਿ ਕੌਮ ਬਿਊਰੋ)- ਸਿਵਿਲ ਡਿਫੈਂਸ ਬਰਨਾਲਾ ਟੀਮ ਵਲੰਟੀਅਰਾਂ ਵੱਲੋਂ ਮਹਾਨ ਸ਼ਹੀਦਾਂ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਯਾਦ ਕੀਤਾ ਗਿਆ। ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਮੋਮਬੱਤੀ ਮਾਰਚ ਕੱਢਿਆ ਗਿਆ ਜਿਸ ਨੂੰ ਸਿਵਿਲ ਡਿਫੈਂਸ ਦੇ ਡਿਪਟੀ ਚੀਫ ਵਾਰਡਨ ਅਤੇ ਪ੍ਰਸਿੱਧ ਮੋਟੀਵੇਟਰ ਚਰਨਜੀਤ ਕੁਮਾਰ ਮਿੱਤਲ ਨੇ ਮਸ਼ਾਲ ਰੌਸ਼ਨ ਕਰਕੇ ਰਵਾਨਾ ਰੇਲਵੇ ਸਟੇਸ਼ਨ ਬਰਨਾਲਾ ਤੋਂ ਰਵਾਨਾ ਕੀਤਾ। ਸਮੂਹ ਵਲੰਟੀਅਰ ਸਿਵਿਲ ਡਿਫੈਂਸ ਵਰਦੀ ਵਿੱਚ ਹਾਜ਼ਰ ਹੋਏ। ਸਿਵਿਲ ਡਿਫੈਂਸ ਦੇ ਚੀਫ ਵਾਰਡਨ ਸ੍ਰੀ ਮਹਿੰਦਰ ਕੁਮਾਰ ਕਪਿਲ ਦੀ ਅਗਵਾਈ ਹੇਠ ਇਹ ਮਾਰਚ ਸ਼ਹਿਰ ਦੇ ਮੁੱਖ ਬਾਜ਼ਾਰ ਵਿੱਚੋਂ ਹੁੰਦੇ ਹੋਏ ਸ਼ਹੀਦ ਭਗਤ ਸਿੰਘ ਚੌਕ 'ਤੇ ਪੁੱਜਿਆ। ਇਸ ਮੌਕੇ ਭਾਰਤ ਦੇਸ਼ ਦੀ ਏਕਤਾ ਅਖੰਡਤਾ, ਸਦਭਾਵਨਾ ਨੂੰ ਕਾਇਮ ਰੱਖਣ ਅਤੇ ਦੇਸ਼ ਦੇ ਸ਼ਹੀਦਾਂ ਵੱਲੋਂ ਫਾਂਸੀ ਨੂੰ ਚੁੰਮਣ ਵੇਲ਼ੇ ਲਾਏ ਨਾਅਰੇ "ਇਨਕਲਾਬ ਜ਼ਿੰਦਾਬਾਦ" ਗੂੰਜੇ। ਸਿਵਿਲ ਡਿਫੈਂਸ ਦੇ ਚੀਫ ਵਾਰਡਨ ਸ਼੍ਰੀ ਮਹਿੰਦਰ ਕੁਮਾਰ ਕਪਿਲ, ਡਿਪਟੀ ਚੀਫ ਵਾਰਡਨ ਚਰਨਜੀਤ ਕੁਮਾਰ ਮਿੱਤਲ, ਪੋਸਟ ਵਾਰਡਨ ਇੰਸਪੈਕਟਰ ਅਸ਼ੋਕ ਕੁਮਾਰ ਸ਼ਰਮਾ, ਪੋਸਟ ਵਾਰਡਨ ਅਖਿਲੇਸ਼ ਬਾਂਸਲ, ਪੋਸਟ ਵਾਰਡਨ ਮੈਡਮ ਰਜਿੰਦਰ ਕੌਰ, ਪੋਸਟ ਵਾਰਡਨ ਜੁਗਰਾਜ ਸਿੰਘ ਪੰਡੋਰੀ ਨਗਰ ਕੌਂਸਲਰ, ਡਾਕਟਰ ਭਰਪੂਰ ਸਿੰਘ, ਈਵੈਂਟ ਮੈਨੇਜਰ ਪਾਂਪੋਸ਼ ਕੌਲ ਆਦਿ ਨੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸਦੇ ਨਾਲ ਹੀ ਰੇਲਵੇ ਸਟੇਸ਼ਨ 'ਤੇ ਰੌਸ਼ਨ ਹੋਈ ਮਸ਼ਾਲ ਨਾਲ ਸ਼ਹੀਦ ਭਗਤ ਸਿੰਘ ਚੌਕ 'ਤੇ ਰੱਖੀ ਗਈ ਪਵਿੱਤਰ ਜੋਤ ਨੂੰ ਰੌਸ਼ਨ ਕੀਤਾ। ਇਸ ਮੌਕੇ ਪੰਜਾਬ ਹੋਮ ਗਾਰਡ ਤੇ ਸਿਵਿਲ ਡਿਫੈਂਸ ਕਮਾਂਡੈਂਟ ਸ. ਰਛਪਾਲ ਸਿੰਘ ਨੇ ਸ਼ਹੀਦਾਂ ਨੂੰ ਵਰਚੁਅਲੀ ਸ਼ਰਧਾਂਜਲੀ ਦਿੱਤੀ। ਵਰੁਣ ਬੱਤਾ, ਰਾਮ ਕੁਮਾਰ ਸੋਵਤੀ ਨਰਿੰਦਰ ਚੋਪੜਾ, ਰਾਜਿੰਦਰ ਸਿੰਗਲਾ, ਲਖਵਿੰਦਰ ਸ਼ਰਮਾ ਨਿਤੀਸ਼ ਕੁਮਾਰ ਸੰਗੀਤ ਸ਼ਰਮਾ, ਜਨਕ ਰਾਜ, ਬਲਦੇਵ ਭੁੱਚਰ, ਪ੍ਰਮੋਦ ਕਾਂਸਲ, ਧੀਰਜ ਸ਼ਰਮਾ, ਰੀਟਾ ਗੋਇਲ, ਰਣਦੀਪ, ਸੁਰਿੰਦਰ ਗੋਇਲ, ਪੁਸ਼ਪ ਬਾਂਸਲ, ਸਮੇਤ ਵੱਡੀ ਗਿਣਤੀ ਵਿੱਚ ਸਿਵਲ ਡਿਫੈਂਸ ਮੈਂਬਰਾਂ ਨੇ ਕੈਂਡਲ ਮਾਰਚ ਵਿੱਚ ਸ਼ਾਮਿਲ ਹੋਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ। ਜ਼ਿਕਰਯੋਗ ਹੈ ਕਿ ਕੈਂਡਲ ਮਾਰਚ ਦੌਰਾਨ ਕਾਫੀ ਗਿਣਤੀ ਮਹਿਲਾ ਵਲੰਟੀਅਰ ਦੀ ਰਹੀ ਅਤੇ ਲੋਕਾਂ ਨੇ ਮੋਮਬੱਤੀ ਮਾਰਚ ਦਾ ਸਵਾਗਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਦੀ ਅਗਵਾਈ ਚ ਕੈਂਡਲ ਮਾਰਚ ਕੱਢਿਆ



**ਜੰਡਿਆਲਾ ਗੁਰੂ, 23 ਮਾਰਚ ( ਕੁਲਵੰਤ ਸਿੰਘ ਵਿਰਦੀ )**-ਗਗਨਜੀਤ ਸਿੰਘ ਰੰਧਾਵਾ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਕਾਂਗਰਸ ਪਾਰਟੀ ਦੇ ਜਿਲ੍ਹਾ ਪ੍ਰਧਾਨ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਐਮਐਲਏ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਦੀ ਅਗਵਾਈ ਵਿੱਚ ਸਥਾਨਕ ਸ਼ਹਿਰ ਦੀਆਂ ਗਲੀਆਂ, ਬਜ਼ਾਰਾਂ ਅਤੇ ਸੜਕਾਂ ਤੇ ਕਾਂਗਰਸੀ ਵਰਕਰਾਂ ਨੇ ਰੋਹ ਭਰਿਆ ਪਰ ਸ਼ਾਂਤੀ ਨਾਲ ਇੱਕ ਕੈਂਡਲ ਮਾਰਚ ਕੱਢਿਆ । ਲੋਕਲ ਬੱਸ ਸਟੈਂਡ ਤੋਂ ਕੈਂਡਲ ਮਾਰਚ ਸ਼ੁਰੂ ਹੋ ਕੇ ਬਾਲਮੀਕ, ਦਰਸ਼ਨੀ ਗੇਟ, ਭੀੜਾ ਬਜ਼ਾਰ, ਚੌੜਾ ਬਾਜ਼ਾਰ, ਸੇਖਫਤਾ ਗੇਟ, ਸੀਨੀਅਰ ਸੈਕੰਡਰੀ ਸਕੂਲ ਲੜਕੀਆਂ, ਜੈਨ ਸਕੂਲ, ਘਾਹ ਮੰਡੀ ਚੌਕ ਤੋਂ ਦੁਬਾਰਾ ਬਾਲਮੀਕ ਚੌਕ ਅਤੇ ਲੋਕਲ ਬੱਸ ਸਟੈਂਡ ਤੋਂ ਸਰਾਂ ਰੋਡ ਤੋਂ ਹੁੰਦਾ ਹੋਇਆ ਰੱਘੂ ਨਾਥ ਕਾਲਜ਼ ਜਾ ਕੇ ਸਮਾਪਤ ਹੋਇਆ । ਇਸ ਕੈਂਡਲ ਮਾਰਚ ਦੌਰਾਨ ਵਿਸ਼ੇਸਤਾ ਇਹ ਸੀ ਕਿ ਰਸਤੇ ਵਿੱਚ ਬਜ਼ਾਰਾਂ ਵਿੱਚ ਦੁਕਾਨਦਾਰਾਂ ਅਤੇ ਆਮ ਰਾਹੀਂ ਗੀਰਾਂ ਨੇ ਵੀ ਕੈਂਡਲ ਮਾਰਚ ਵੱਲ ਸੀਸ ਨਿਵਾ ਕੇ ਗਗਨਜੀਤ ਸਿੰਘ ਰੰਧਾਵਾ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ । ਇਸ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਬੜੀਆਂ ਭਾਵਪੂਰਿਕ ਤਕਰੀਰਾਂ ਕੀਤੀਆਂ । ਇਸ ਮੌਕੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਪਤਾ ਨਹੀਂ ਲਾਲ ਜੀਤ ਸਿੰਘ ਭੁੱਲਰ ਨੇ ਵੇਅਰਹਾਊਸਿੰਗ ਦੇ ਡੀਐਮ ਉੱਪਰ ਕਿੰਨਾ ਤਸ਼ੱਦਦ ਕੀਤਾ ਹੋਵੇਗਾ ਕਿ ਉਸ ਨੂੰ ਆਪਣੇ ਛੋਟੇ ਛੋਟੇ ਬੱਚੇ ਮਾਂ ਬਾਪ ਅਤੇ ਪਤਨੀ ਵਲੋਂ ਮੂੰਹ ਭਵਾਂ ਕੇ ਮੌਤ ਨੂੰ ਗਲ੍ਹ ਲਾਉਣਾ ਪਿਆ । ਉਹਨਾਂ ਕਿਹਾ ਕਿ ਇਹ ਭਗਵੰਤ ਮਾਨ ਸਰਕਾਰ ਦੇ ਪ੍ਰਸ਼ਾਸਨ ਦੀ ਮੂੰਹ ਬੋਲਦੀ ਤਸਵੀਰ ਹੈ ਕਿ ਸਾਡੇ ਪ੍ਰਸ਼ਾਸਨਿਕ ਅਫਸਰਾਂ ਨੂੰ ਖੁਦਕੁਸ਼ੀਆਂ ਕਰਨੀਆਂ ਪੈ ਰਹੀਆਂ ਹਨ । ਡੈਨੀ ਬੰਡਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਕੀਤੇ ਜਾ ਰਹੇ ਅਤਿਆਚਾਰਾਂ ਨੂੰ ਕਾਂਗਰਸ ਪਾਰਟੀ ਕਦਾਚਿੱਤ ਬਰਦਾਸ਼ਤ ਨਹੀਂ ਕਰੇਗੀ । ਇਥੇ ਇਹ ਵੀ ਖਾਸ ਜ਼ਿਕਰਯੋਗ ਹੈ ਕਿ ਅੱਜ ਦੇ ਇਕੱਠ ਵਿੱਚ ਇੱਕ ਬੁਲਾਰੇ ਕਸ਼ਮੀਰ ਸਿੰਘ ਨੇ ਬੈਂਡ ਵਾਜੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਸ੍ਰ ਪ੍ਰਤਾਪ ਸਿੰਘ ਬਾਜਵਾ ਵਲੋਂ ਪੰਜਾਬੀ ਦੀ ਕਹਾਵਤ ਕਿ ਮੰਤਰੀ ਦਾ "ਬੈਂਡ ਵਾਜਾ ਵਜਾ ਦੇਵਾਂਗੇ" ਦੇ ਮਾਮੂਲੀ ਤੇ ਆਮ ਕਹਾਵਤ ਨੂੰ ਲੈ ਕੇ ਕੈਬਨਿਟ ਹਰਭਜਨ ਸਿੰਘ ਈਟੀਓ ਨੇ ਪੰਜਾਬ ਪੱਧਰ ਤੇ ਢੰਡਾਰਾ ਪਿੱਟਿਆ ਪਰ ਹੁਣ ਜਦ ਰੰਧਾਵਾ ਪਰਿਵਾਰ ਉਜੜ ਗਿਆ ਹੈ ਤਾਂ ਇਹ ਮੰਤਰੀ ਤੋਂ ਫ਼ੋਕੀ ਹਮਦਰਦੀ ਦੇ 2 ਸ਼ਬਦ ਤੱਕ ਨਹੀਂ ਬੋਲੇ ਗਏ । ਇਸ ਮੌਕੇ ਹੋਰਨਾਂ ਤੋਂ ਇਲਾਵਾ ਕਸ਼ਮੀਰ ਸਿੰਘ ਜਾਣੀਆਂ, ਦਿਲਬਾਗ ਸਿੰਘ ਜੌਹਲ, ਰਾਜਵਿੰਦਰ ਸਿੰਘ ਰਾਜੂ, ਚੇਅਰਮੈਨ ਕਸ਼ਮੀਰ ਸਿੰਘ ਜਾਣੀਆਂ, ਸ੍ਰ ਅਵਤਾਰ ਸਿੰਘ ਟੱਕਰ ਜਾਣੀਆ ਆਦਿ ਹਾਜ਼ਰ ਸਨ !

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਨੂੰ ਸਦਮਾ ਪਿਤਾ ਦਾ ਹੋਇਆ ਦਿਹਾਂਤ

ਚੌਕ ਮਹਿਤਾ,24 ਮਾਰਚ,( ਬਾਬਾ ਸੁਖਵੰਤ ਸਿੰਘ ਚੰਨਣਕੇ) ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਵਾਲਿਆਂ ਨੂੰ ਭਾਰੀ ਸਦਮਾ ਲੱਗਾ ਜਦੋਂ ਕਿ ਉਨ੍ਹਾਂ ਦੇ ਪਿਤਾ ਜਥੇਦਾਰ ਪਾਲ ਸਿੰਘ ਜੀ ਸੰਖੇਪ ਬਿਮਾਰੀ ਕਾਰਨ ਉਨ੍ਹਾਂ ਦਾ ਦੇਹਾਂਤ ਹੋ ਗਿਆ। ਜਥੇਦਾਰ ਪਾਲ ਸਿੰਘ ਜੀ ਉਮਰ ਤਕਰੀਬਨ 65 ਸਾਲ ਦੀ ਸੀ। ਉਹ ਬਹੁਤ ਨਿਤਨੇਮੀ ਅਤੇ ਵਾਹਿਗੁਰੂ ਜੀ ਸਿਮਰਨ ਕਰਨ ਵਾਲੇ ਸਨ । ਉਨ੍ਹਾਂ ਦੇ ਸਪੁੱਤਰ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਨੇ ਦੱਸਿਆ ਕਿ ਭਲਕੇ ਉਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਤਰਸਿੱਕਾ ਵਿੱਖੇ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਆਪ ਨੇ ਲੋਕਤੰਤਰ ਦਾ ਘਾਣ ਕਰਕੇ ਕੀਤੀ ਬਲਾਕ ਸੰਮਤੀ ਤਲਵੰਡੀ ਸਾਬੋ ਦੇ ਚੇਅਰਮੈਨ ਦੀ ਚੋਣ



ਤਲਵੰਡੀ ਸਾਬੋ, 24 ਮਾਰਚ (ਗੁਰਜੰਟ ਸਿੰਘ ਨਥੇਹਾ)- ਬਲਾਕ ਸੰਮਤੀ ਤਲਵੰਡੀ ਸਾਬੋ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਅੱਜ ਕੀਤੀ ਗਈ ਚੋਣ ਨੂੰ ਭਾਵੇਂ ਆਮ ਆਦਮੀ ਪਾਰਟੀ ਦੇ ਸਥਾਨਕ ਆਗੂਆਂ ਅਤੇ ਹਲਕਾ ਵਿਧਾਇਕ ਵੱਲੋਂ ਸਰਬਸੰਮਤੀ ਨਾਲ ਹੋਈ ਚੋਣ ਦੱਸਿਆ ਜਾ ਰਿਹਾ ਹੈ ਪ੍ਰੰਤੂ ਬਲਾਕ ਸੰਮਤੀ ਚੋਣਾਂ ਦੌਰਾਨ ਅਕਾਲੀ ਦਲ ਦੇ 10, ਕਾਂਗਰਸ ਦੇ 6 ਅਤੇ ਆਮ ਆਦਮੀ ਪਾਰਟੀ ਦੇ 9 ਮੈਂਬਰ ਚੁਣੇ ਗਏ ਸਨ ਜਿਸ ਦੇ ਅਧਾਰ ਤੇ ਜੇ ਚੋਣ ਸਹੀ ਤਰੀਕੇ ਅਤੇ ਲੋਕਤੰਤਰ ਅਨੁਸਾਰ ਹੁੰਦੀ ਤਾਂ ਨਤੀਜੇ ਕੁੱਝ ਹੋਰ ਹੋਣੇ ਸਨ। ਬੀਡੀਪੀਓ ਦਫ਼ਤਰ ਤਲਵੰਡੀ ਸਾਬੋ ਵਿਖੇ ਹੋਈ ਉਕਤ ਚੋਣ ਬਾਰੇ ਇਹ ਦੋਸ਼ ਲਾਉਂਦਿਆਂ ਕਾਂਗਰਸ ਪਾਰਟੀ ਦੇ ਤਲਵੰਡੀ ਸਾਬੋ ਤੋਂ ਸੰਭਾਵੀ ਉਮੀਦਵਾਰ ਸ. ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਇਹ ਚੋਣ ਰਾਮਾਂ ਰੋਡ ਨੂੰ ਪੁਲਿਸ ਛਾਉਣੀ ਵਿੱਚ ਬਦਲਕੇ ਧੱਕੇ ਨਾਲ ਕੀਤੀ ਗਈ ਹੈ ਆਪ ਦੇ ਬਲਾਕ ਸੰਮਤੀ ਮੈਂਬਰਾਂ ਤੋਂ ਇਲਾਵਾ ਕਿਸੇ ਨੂੰ ਵੀ ਅੰਦਰ ਨਹੀਂ ਜਾਣ ਦਿੱਤਾ ਗਿਆ। ਆਮ ਆਦਮੀ ਪਾਰਟੀ 'ਤੇ ਦੋਸ਼ ਲਾਉਂਦਿਆਂ ਉਨ੍ਹਾਂ ਕਿਹਾ ਕਿ ਜਿੱਥੇ 2022 ਦੀਆਂ ਚੋਣਾਂ ਮੌਕੇ ਕੀਤੇ ਵਾਅਦਿਆਂ ਤੋਂ ਇਹ ਪਾਰਟੀ ਬੜੀ ਸਫ਼ਾਈ ਨਾਲ ਮੁੱਕਰ ਰਹੀ ਹੈ ਉੱਥੇ ਪਹਿਲਾਂ ਪੰਚਾਇਤੀ ਚੋਣਾਂ ਮੌਕੇ ਇਨ੍ਹਾਂ ਦੇ ਵਲੰਟੀਅਰਾਂ ਵੱਲੋਂ ਦੂਜੀਆਂ ਪਾਰਟੀਆਂ ਦੇ ਉਮੀਦਵਾਰਾਂ ਦੇ ਕਾਗਜ਼ ਖੋਹੇ ਗਏ ਤੇ ਹੁਣ ਪੁਲਿਸ ਦੀ ਛਤਰ ਛਾਇਆ ਹੇਠ ਲੋਕਤੰਤਰ ਦਾ ਘਾਣ ਕਰਕੇ ਆਪਣੀ ਪਾਰਟੀ ਦੇ ਲੋਕਾਂ ਨੂੰ ਬਲਾਕ ਸੰਮਤੀ ਤੇ ਕਾਬਜ਼ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਇਹ ਗ਼ਲਤ ਰਿਵਾਇਤ ਪਾਈ ਜਾ ਰਹੀ ਹੈ ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਆਮ ਲੋਕਾਂ ਦੀ ਆਪਸੀ ਭਾਈਚਾਰਕ ਸਾਂਝ 'ਤੇ ਵੀ ਅਸਰ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★
ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243